- ਤਹ ਮਰਣੁ ਨ ਜੀਵਣੁ ਸੋਗੁ ਨ ਹਰਖਾ॥ ਸਾਚ ਨਾਮ ਕੀ ਅੰਮ੍ਰਿਤ ਵਰਖਾ॥ (੭੩੯)

- ਅੰਮ੍ਰਿਤ ਬੂੰਦ ਸੁਹਾਨੀ ਹੀਅਰੈ ਗੁਰਿ ਮੋਹੀ ਮਨੁ ਹਰਿ ਰਸਿ ਲੀਨਾ॥ (੧੨੫੪)

(੧੩) ਛਤੀਹ ਅੰਮ੍ਰਿਤ

- ਛਤੀਹ ਅੰਮ੍ਰਿਤ ਭਾਉ ਏਕੁ ਜਾ ਕਉ ਨਦਰਿ ਕਰੇਇ॥ (੧੬)

- ਜਿਸ ਦਾ ਦਿਤਾ ਸਭੁ ਕਿਛੁ ਲੈਣਾ॥ ਛਤੀਹ ਅੰਮ੍ਰਿਤ ਭੋਜਨੁ ਖਾਣਾ॥ (੧੦੦)

- ਇਕਿ ਮਾਸਹਾਰੀ ਇਕਿ ਤ੍ਰਿਣੁ ਖਾਹਿ॥ ਇਕਨਾ ਛਤੀਹ ਅੰਮ੍ਰਿਤ ਪਾਹਿ॥ (੧੪੪)

- ਛਤੀਹ ਅੰਮ੍ਰਿਤ ਜਿਨਿ ਭੋਜਨ ਦੀਏ॥ ਅੰਤਰਿ ਥਾਨ ਠਹਰਾਵਨ ਕਉ ਕੀਏ॥ (੯੧੩)

(੧੪) ਅੰਮ੍ਰਿਤਧਾਰਾ ਅਥਵਾ ਅੰਮ੍ਰਿਤਧਾਰ

- ਝਿਮਿ ਝਿਮਿ ਵਰਸੈ ਅੰਮ੍ਰਿਤ ਧਾਰਾ॥ ਮਨੁ ਪੀਵੈ ਸੁਨਿ ਸਬਦੁ ਬੀਚਾਰਾ॥ (੧੦੨)

- ਉਲਟਿਓ ਕਮਲੁ ਬ੍ਰਹਮੁ ਬੀਚਾਰਿ॥ ਅੰਮ੍ਰਿਤ ਧਾਰ ਗਗਨਿ ਦਸ ਦੁਆਰਿ॥ (੧੫੩)

- ਹਰਿ ਆਪੇ ਸਾਰਿੰਗ ਅੰਮ੍ਰਿਤਧਾਰਾ॥ ਹਰਿ ਅੰਮ੍ਰਿਤੁ ਆਪਿ ਪੀਆਵਣਹਾਰਾ॥ (੧੬੫)

- ਝਿਮਿ ਝਿਮੇ ਝਿਮਿ ਝਿਮਿ ਵਰਸੈ ਅੰਮ੍ਰਿਤ ਧਾਰਾ ਰਾਮ॥ (੪੪੨)

- ਅਨਹਤ ਧੁਨਿ ਵਾਜਹਿ ਨਿਤ ਵਾਜੇ ਹਰਿ ਅੰਮ੍ਰਿਤ ਧਾਰ ਰਸਿ ਲੀੜਾ॥ (੬੯੮)

- ਆਪੇ ਵਰਖੈ ਅੰਮ੍ਰਿਤ ਧਾਰਾ॥ ਰਤਨ ਜਵੇਹਰ ਲਾਲ ਅਪਾਰਾ॥ (੧੦੩੬)

- ਬਰਸੈ ਅੰਮ੍ਰਿਤ ਧਾਰ ਬੂੰਦ ਸੁਹਾਵਣੀ॥ (੧੧੦੭)

- ਪਰਮੇਸਰੁ ਹੋਆ ਦਇਆਲੁ॥ ਮੇਘੁ ਵਰਸੈ ਅੰਮ੍ਰਿਤ ਧਾਰ॥ (੧੨੭੧)

(੧੫) ਅੰਮ੍ਰਿਤ ਕਾਇਆ ਅਥਵਾ ਅੰਮ੍ਰਿਤ ਦੇਹ

- ਅੰਮ੍ਰਿਤ ਕਾਇਆ ਰਹੈ ਸੁਖਾਲੀ ਬਾਜੀ ਇਹੁ ਸੰਸਾਰੋ॥ (੧੫੪)

- ਜਉ ਗੁਰਦੇਉ ਤ ਅੰਮ੍ਰਿਤ ਦੇਹੁ॥ ਜਉ ਗੁਰਦੇਉ ਨਾਮੁ ਜਪਿ ਲੇਹਿ॥ (੧੧੬੬)

(੧੬) ਅੰਮ੍ਰਿਤ ਕੇਲ

- ਅੰਮ੍ਰਿਤ ਕੇਲ ਕਰੇ ਨਿਤ ਕਾਮਣਿ ਅਵਰਿ ਲੁਟੇਨਿ ਸੁ ਪੰਚ ਜਨਾ॥ (੧੫੫)

(੧੭) ਪਾਂਚਉ ਅੰਮ੍ਰਿਤ

- ਜਿਹ ਮੁਖਿ ਪਾਂਚਉ ਅੰਮ੍ਰਿਤ ਖਾਏ॥ ਤਿਹ ਮੁਖ ਦੇਖਤ ਲੂਕਟ ਲਾਏ॥ (੩੨੯)

(੧੮) ਅੰਮ੍ਰਿਤੁ ਗਿਆਨੁ

- ਸਾਚਾ ਹਰਖੁ ਨਾਹੀ ਤਿਸੁ ਸੋਗੁ॥ ਅੰਮ੍ਰਿਤੁ ਗਿਆਨੁ ਮਹਾ ਰਸੁ ਭੋਗੁ॥ (੪੧੪)

- ਗੁਰ ਸਾਧੂ ਅੰਮ੍ਰਿਤ ਗਿਆਨ ਸਰਿ ਨਾਇਣੁ॥ ਸਭਿ ਕਿਲਵਿਖ ਪਾਪ ਗਏ ਗਾਵਾਇਣੁ॥ (੧੧੩੪)

(੧੯) ਅੰਮ੍ਰਿਤ ਬਨ

- ਅੰਮ੍ਰਿਤ ਬਨੁ ਸੰਸਾਰੁ ਸਹਾਈ ਆਪਿ ਭਏ॥ (੪੫੮)

(੨੦) ਅੰਮ੍ਰਿਤ ਸਜਣੁ

- ਘਟ ਘਟ ਵਾਸੀ ਸਰਬ ਨਿਵਾਸੀ ਨੇਰੈ ਹੀ ਤੇ ਨੇਰਾ॥
  ਨਾਨਕ ਦਾਸੁ ਸਦਾ ਸਰਣਾਗਤਿ ਹਰਿ ਅੰਮ੍ਰਿਤ ਸਜਣੁ ਮੇਰਾ॥ (੭੮੪)

(੨੧) ਅੰਮ੍ਰਿਤ ਭੋਜਨ, ਅੰਮ੍ਰਿਤ ਪੈਨਣ

- ਨਾਮ ਰਤਨ ਕੋ ਕੋ ਬਿਉਹਾਰੀ॥ ਅੰਮ੍ਰਿਤ ਭੋਜਨੁ ਕਰੇ ਆਹਾਰੀ॥ (੧੮੧)

- ਹਰਿ ਅੰਮ੍ਰਿਤ ਪਾਨ ਕਰਹੁ ਸਾਧਸੰਗਿ॥ ਮਨ ਤ੍ਰਿਪਤਾਸੈ ਕੀਰਤਨ ਪ੍ਰਭ ਰੰਗਿ॥ (੨੯੯)

- ਅੰਤਰਿ ਸੀਤਲ ਸਾਤਿ ਵਸੈ ਜਪਿ ਹਿਰਦੈ ਸਦਾ ਸੁਖੁ ਹੋਇ॥
  ਅੰਮ੍ਰਿਤੁ ਖਾਣਾ ਅੰਮ੍ਰਿਤੁ ਪੈਨਣਾ ਨਾਨਕ ਨਾਮੁ ਵਡਾਈ ਹੋਇ॥ (੫੧੧)

- ਅੰਮ੍ਰਿਤੁ ਖਾਣਾ ਪੈਨ੍ਣਾ ਨਾਨਕ ਨਾਇ ਵਡਿਆਈ ਹੋਇ॥ (੮੫੧)

(੨੨) ਅੰਮ੍ਰਿਤੁ ਤਤੁ

- ਗੁਰਮਤੀ ਮਨੁ ਨਿਰਮਲੁ ਹੋਆ ਅੰਮ੍ਰਿਤੁ ਤਤੁ ਵਖਾਨੈ॥ (੧੩੩੪)

(੨੩) ਅੰਮ੍ਰਿਤ ਲੋਨ, ਅੰਮ੍ਰਿਤ ਖੀਰ, ਦੁੱਧ

- ਕਬੀਰ ਖੂਬੁ ਖਾਨਾ ਖੀਚਰੀ ਜਾ ਮਹਿ ਅੰਮ੍ਰਿਤ ਲੋਨੁ॥ ਹੇਰਾ ਰੋਟੀ ਕਾਰਨੇ ਗਲਾ ਕਟਾਵੈ ਕਉਨੁ॥ (੧੩੭੪)

- ਸੋਇਨ ਕਟੋਰੀ ਅੰਮ੍ਰਿਤ ਭਰੀ॥ ਲੈ ਨਾਮੈ ਹਰਿ ਆਗੈ ਧਰੀ॥ (੧੧੬੩)

- ਪਸੂ ਮਿਲਹਿ ਚੰਗਿਆਈਆ ਖੜੁ ਖਾਵਹਿ ਅੰਮ੍ਰਿਤੁ ਦੇਹਿ॥
  ਨਾਮ ਵਿਹੂਣੇ ਆਦਮੀ ਧ੍ਰਿਗੁ ਜੀਵਣ ਕਰਮ ਕਰੇਹਿ॥ (੪੮੯)

- ਤੁਮਰੋ ਦੂਧੁ ਬਿਦਰ ਕੋ ਪਾਨ੍ਹੋ ਅੰਮ੍ਰਿਤੁ ਕਰੁ ਮੈ ਮਾਨਿਆ॥ (੧੧੦੫)

(੨੪) ਅਮਰਤੁ ਛਤ੍ਰ

- ਅਮਰਦਾਸਿ ਅਮਰਤੁ ਛਤ੍ਰੁ ਗੁਰ ਰਾਮਹਿ ਦੀਅਉ॥ (੧੪੦੮)

(੨) ਅੰਮ੍ਰਿਤ ਦੇ ਅਧਿਕਾਰੀ

- ਮਨਿ ਤਨੇ ਗਲਤਾਨ ਸਿਮਰਤ ਪ੍ਰਭ ਨਾਮ ਹਰਿ ਅੰਮ੍ਰਿਤੁ ਪੀਵਤੇ ਜੀਉ॥ (੮੦)

- ਅੰਮ੍ਰਿਤ ਕਾ ਵਾਪਾਰੀ ਹੋਵੈ ਕਿਆ ਮਦਿ ਛੂਛੈ ਭਾਉ ਧਰੇ॥ (੩੬੦)

- ਕਹੁ ਨਾਨਕ ਸੁਣਿ ਭਰਥਰਿ ਜੋਗੀ ਖੀਵਾ ਅੰਮ੍ਰਿਤ ਧਾਰੈ॥ (੩੬੦)

- ਗੁਣਾ ਕਾ ਗਾਹਕੁ ਹੋਵੈ ਸੋ ਗੁਣ ਜਾਣੈ॥ ਅੰਮ੍ਰਿਤ ਸਬਦਿ ਨਾਮੁ ਵਖਾਣੈ॥ (੩੬੧)

- ਜਿਨਾ ਗੁਰਬਾਣੀ ਮਨਿ ਭਾਈਆ ਅੰਮ੍ਰਿਤਿ ਛਕਿ ਛਕੇ॥ (੪੪੯)

- ਅਨਦਿਨੁ ਜਾਗੈ ਕਦੇ ਨ ਸੋਵੈ ਸਹਜੇ ਅੰਮ੍ਰਿਤੁ ਪਿਆਉ॥
  ਮੀਠਾ ਬੋਲੇ ਅੰਮ੍ਰਿਤ ਬਾਣੀ ਅਨਦਿਨੁ ਹਰਿ ਗੁਣ ਗਾਉ॥ (੮੫੩)

- ਜਿਨ ਕਉ ਲਗੀ ਪਿਆਸ ਅੰਮ੍ਰਿਤੁ ਸੇਇ ਖਾਹਿ॥ (੯੬੨)

- ਅੰਮ੍ਰਿਤ ਕੀ ਸਾਰ ਸੋਈ ਜਾਣੈ ਜਿ ਅੰਮ੍ਰਿਤ ਕਾ ਵਾਪਾਰੀ ਜੀਉ॥ (੯੯੩)

- ਕਿਉ ਅੰਮ੍ਰਿਤੁ ਪੀਵੀਐ ਹਰਿ ਬਿਨੁ ਜੀਵੀਐ ਤਿਸੁ ਬਿਨੁ ਰਹਨੁ ਨ ਜਾਏ॥
  ਅਨਦਿਨੁ ਪ੍ਰਿਉ ਪ੍ਰਿਉ ਕਰੇ ਦਿਨੁ ਰਾਤੀ ਪਿਰ ਬਿਨੁ ਪਿਆਸ ਨ ਜਾਏ॥ (੧੧੧੩)

- ਸੰਤ ਕੀ ਰੇਨ ਹੋਇ ਹਾਂ॥ ਆਪੇ ਜਿਸੁ ਰਖੈ ਹਾਂ॥ ਹਰਿ ਅੰਮ੍ਰਿਤੁ ਸੋ ਚਖੈ ਮੇਰੇ ਮਨਾ॥ (੪੧੦)

- ਜੋ ਜਨ ਮਰਿ ਜੀਵੇ ਤਿਨ੍ ਅੰਮ੍ਰਿਤੁ ਪੀਵੇ ਮਨਿ ਲਾਗਾ ਗੁਰਮਤਿ ਭਾਉ ਜੀਉ॥ (੪੪੭)

- ਹਰਿ ਕਾ ਨਾਮੁ ਅੰਮ੍ਰਿਤੁ ਹਰਿ ਹਰਿ ਹਰੇ ਸੋ ਪੀਐ ਜਿਸੁ ਰਾਮੁ ਪਿਆਸੀ॥ (੧੨੦੨)

(੩) ਅਨ ਅਧਿਕਾਰੀਆਂ ਨੂੰ ਅੰਮ੍ਰਿਤ ਦੇਣ ਦਾ ਕੋਈ ਫਲ ਨਹੀਂ ਸਗੋਂ ਅੰਮ੍ਰਿਤ ਦੀ ਬੇਅਦਬੀ ਹੈ

- ਗੁਰੁ ਸਬਦੁ ਦਿੜਾਵੈ ਰੰਗ ਸਿਉ ਬਿਨੁ ਕਿਰਪਾ ਲਇਆ ਨਾ ਜਾਇ॥
  ਜੇ ਸਉ ਅੰਮ੍ਰਿਤੁ ਨੀਰੀਐ ਭੀ ਬਿਖੁ ਫਲੁ ਲਾਗੈ ਧਾਇ॥ (੬੫)

- ਸਾਕਤ ਕਉ ਅੰਮ੍ਰਿਤ ਬਹੁ ਸਿੰਚਹੁ ਸਭ ਡਾਲ ਫੂਲ ਬਿਸੁਕਾਰੇ॥
  ਜਿਉ ਜਿਉ ਨਿਵਹਿ ਸਾਕਤ ਨਰ ਸੇਤੀ ਛੇੜਿ ਛੇੜਿ ਕਢੈ ਬਿਖੁ ਖਾਰੇ॥ (੯੮੩)

- ਨਿੰਮੁ ਬਿਰਖੁ ਬਹੁ ਸੰਚੀਐ ਅੰਮ੍ਰਿਤ ਰਸੁ ਪਾਇਆ॥ ਮਨਮੁਖੁ ਅਭਿੰਨੁ ਨ ਭਿਜਈ ਪਥਰੁ ਨਾਵਾਇਆ॥
ਬਿਖੁ ਮਹਿ ਅੰਮ੍ਰਿਤੁ ਸਿੰਚੀਐ ਬਿਖੁ ਕਾ ਫਲੁ ਪਾਇਆ॥ (੧੨੪੪)

- ਕਰ ਮਹਿ ਅੰਮ੍ਰਿਤੁ ਆਣਿ ਨਿਸਾਰਿਓ॥ ਖਿਸਰਿ ਗਇਓ ਭੂਮ ਪਰਿ ਡਾਰਿਓ॥ (੩੯੯)

- ਰਾਮ ਰਾਮ ਰਾਮ ਰਮੇ ਰਮਿ ਰਹੀਐ॥ ਸਾਕਤ ਸਿਉ ਭੂਲਿ ਨਹੀ ਕਹੀਐ॥ (੪੯੧)

(੪) ਅੰਮ੍ਰਿਤ ਕਿੱਥੇ ਹੈ? ਅੰਮ੍ਰਿਤ ਅਸਥਾਨ ਅਥਵਾ ਅੰਮ੍ਰਿਤ ਦਾ ਵਾਸਾ

- ਗੁਰ ਕੇ ਭਾਣੇ ਵਿਚਿ ਅੰਮ੍ਰਿਤੁ ਹੈ ਸਹਜੇ ਪਾਵੈ ਕੋਇ॥ (੩੧)

- ਨਉ ਨਿਧਿ ਅੰਮ੍ਰਿਤੁ ਪ੍ਰਭ ਕਾ ਨਾਮੁ॥ ਦੇਹੀ ਮਹਿ ਇਸ ਕਾ ਬਿਸ੍ਰਾਮੁ॥ (੨੯੩)

- ਸਤਿਗੁਰ ਵਿਚਿ ਅੰਮ੍ਰਿਤੁ ਹੈ ਹਰਿ ਉਤਮੁ ਹਰਿ ਪਦੁ ਸੋਇ॥
ਨਾਨਕ ਕਿਰਪਾ ਤੇ ਹਰਿ ਧਿਆਈਐ ਗੁਰਮੁਖਿ ਪਾਵੈ ਕੋਇ॥ (੩੦੦)

- ਏਕੁ ਬਗੀਚਾ ਪੇਡ ਘਨ ਕਰਿਆ॥ ਅੰਮ੍ਰਿਤ ਨਾਮੁ ਤਹਾ ਮਹਿ ਫਲਿਆ॥
ਆਸਿ ਪਾਸਿ ਬਿਖੂਆ ਕੇ ਕੁੰਟਾ ਬੀਚਿ ਅੰਮ੍ਰਿਤੁ ਹੈ ਭਾਈ ਰੇ॥ (੩੮੫)

- ਅੰਮ੍ਰਿਤੁ ਨਾਮੁ ਪਦਾਰਥੁ ਸੰਗੇ ਤਿਲੁ ਮਰਮੁ ਨ ਲਹੇ॥ (੪੦੬)

- ਅੰਮ੍ਰਿਤ ਨਾਮੁ ਨਿਧਾਨੁ ਦਾਸਾ ਘਰਿ ਘਣਾ॥ ਤਿਨ ਕੈ ਸੰਗਿ ਨਿਹਾਲੁ ਸ੍ਰਵਣੀ ਜਸੁ ਸੁਣਾ॥ (੫੧੮)

- ਮੈਲਾਗਰ ਬੇਰ੍ਹੇ ਹੈ ਭੁਇਅੰਗਾ॥ ਬਿਖੁ ਅੰਮ੍ਰਿਤੁ ਬਸਹਿ ਇਕ ਸੰਗਾ॥ (੫੨੫)

- ਬਾਹਰਿ ਢੂਢਤ ਬਹੁਤੁ ਦੁਖੁ ਪਾਵਹਿ ਘਰਿ ਅੰਮ੍ਰਿਤੁ ਘਟ ਮਾਹੀ ਜੀਉ॥ (੫੯੮)

- ਸਤਿਗੁਰ ਵਿਚਿ ਨਾਮੁ ਨਿਧਾਨੁ ਹੈ ਪਿਆਰਾ ਕਰਿ ਦਇਆ ਅੰਮ੍ਰਿਤੁ ਮੁਖਿ ਚੋਇ॥ (੬੦੫)

- ਘਰ ਹੀ ਮਹਿ ਅੰਮ੍ਰਿਤੁ ਭਰਪੂਰੁ ਹੈ ਮਨਮੁਖਾ ਸਾਦੁ ਨ ਪਾਇਆ॥
ਜਿਉ ਕਸਤੂਰੀ ਮਿਰਗੁ ਨ ਜਾਣੈ ਭ੍ਰਮਦਾ ਭਰਮਿ ਭੁਲਾਇਆ॥ (੬੪੪)

- ਅੰਮ੍ਰਿਤ ਨਾਮੁ ਭੁੰਚੁ ਮਨ ਮਾਹੀ॥ ਅਚਰਜ ਸਾਦ ਤਾ ਕੇ ਬਰਨੇ ਨ ਜਾਹੀ॥ (੭੪੨)

- ਘਟ ਅੰਤਰਿ ਅੰਮ੍ਰਿਤੁ ਰਖਿਓਨੁ ਗੁਰਮੁਖਿ ਕਿਸੈ ਪਿਆਈ॥ (੯੫੧)

- ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤੁ ਸਾਰੇ॥

ਗੁਰੁ ਬਾਣੀ ਕਹੈ ਸੇਵਕੁ ਜਨੁ ਮਾਨੈ ਪਰਤਖਿ ਗੁਰੂ ਨਿਸਤਾਰੇ॥ (੯੮੨)

- ਰੇ ਮੂੜ ਤੂ ਹੋਛੈ ਰਸਿ ਲਪਟਾਇਓ॥ ਅੰਮ੍ਰਿਤੁ ਸੰਗਿ ਬਸਤੁ ਹੈ ਤੇਰੈ ਬਿਖਿਆ ਸਿਉ ਉਰਝਾਇਓ॥ (੧੦੧੭)

- ਅੰਦਰੁ ਅੰਮ੍ਰਿਤਿ ਭਰਪੂਰੁ ਹੈ ਚਾਖਿਆ ਸਾਦੁ ਜਾਪੈ॥
ਜਿਨ ਚਾਖਿਆ ਸੇ ਨਿਰਭਉ ਭਏ ਸੇ ਹਰਿ ਰਸਿ ਧ੍ਰਾਪੈ॥ (੧੦੯੨)

- ਰੇ ਮੂੜੇ ਆਨ ਕਾਹੇ ਕਤ ਜਾਈ॥ ਸੰਗਿ ਮਨੋਹਰੁ ਅੰਮ੍ਰਿਤੁ ਹੈ ਰੇ ਭੂਲਿ ਭੂਲਿ ਬਿਖੁ ਖਾਈ॥ (੧੨੧੩)

- ਜਿਨ ਵਡਿਆਈ ਤੇਰੇ ਨਾਮ ਕੀ ਤੇ ਰਤੇ ਮਨ ਮਾਹਿ॥ ਨਾਨਕ ਅੰਮ੍ਰਿਤੁ ਏਕੁ ਹੈ ਦੂਜਾ ਅੰਮ੍ਰਿਤੁ ਨਾਹਿ॥
ਨਾਨਕ ਅੰਮ੍ਰਿਤੁ ਮਨੈ ਮਾਹਿ ਪਾਈਐ ਗੁਰ ਪਰਸਾਦਿ॥
ਤਿਨ੍ੀ ਪੀਤਾ ਰੰਗ ਸਿਉ ਜਿਨ੍ ਕਉ ਲਿਖਿਆ ਆਦਿ॥ (੧੨੩੮)

- ਸਤਿਗੁਰੁ ਅੰਮ੍ਰਿਤ ਬਿਰਖੁ ਹੈ ਅੰਮ੍ਰਿਤ ਰਸਿ ਫਲਿਆ॥
ਜਿਸੁ ਪਰਾਪਤਿ ਸੋ ਲਹੈ ਗੁਰ ਸਬਦੀ ਮਿਲਿਆ॥ (੧੨੪੫)

- ਗੁਰ ਕਾ ਸਬਦੁ ਮਹਾ ਰਸੁ ਮੀਠਾ॥ ਐਸਾ ਅੰਮ੍ਰਿਤੁ ਅੰਤਰਿ ਡੀਠਾ॥ (੧੩੩੧)

- ਸਤਿਗੁਰ ਵਿਚਿ ਅੰਮ੍ਰਿਤ ਨਾਮੁ ਹੈ ਅੰਮ੍ਰਿਤੁ ਕਹੈ ਕਹਾਇ॥
ਗੁਰਮਤੀ ਨਾਮੁ ਨਿਰਮਲੁ ਨਿਰਮਲ ਨਾਮੁ ਧਿਆਇ॥ (੧੪੨੪)

- ਸਬਦਿ ਮਰੈ ਸੋਈ ਜਨੁ ਪੂਰਾ॥ ਸਤਿਗੁਰੁ ਆਖਿ ਸੁਣਾਏ ਸੂਰਾ॥
ਕਾਇਆ ਅੰਦਰਿ ਅੰਮ੍ਰਿਤ ਸਰੁ ਸਾਚਾ ਮਨੁ ਪੀਵੈ ਭਾਇ ਸੁਭਾਈ ਹੇ॥ (੧੦੪੬)

- ਜੇਤੇ ਘਟ ਅੰਮ੍ਰਿਤੁ ਸਭ ਹੀ ਮਹਿ ਭਾਵੈ ਤਿਸਹਿ ਪੀਆਈ॥ (੧੧੨੩

(੫) ਅੰਮ੍ਰਿਤੁ ਕੇਵਲ ਗੁਰੂ ਘਰ ਦੀ ਵਥੁ ਹੈ
ਅਰਥਾਤ
ਅੰਮ੍ਰਿਤ ਦਾ ਦਾਤਾ ਕੇਵਲ ਸਤਿਗੁਰੂ ਹੈ

- ਅੰਮ੍ਰਿਤੁ ਸਾਚਾ ਨਾਮੁ ਹੈ ਕਹਣਾ ਕਛੂ ਨ ਜਾਇ॥ ਪੀਵਤ ਹੂ ਪਰਵਾਨੁ ਭਇਆ ਪੂਰੈ ਸਬਦਿ ਸਮਾਇ॥
ਆਪੇ ਦੇਇ ਤ ਪਾਈਐ ਹੋਰੁ ਕਰਣਾ ਕਿਛੂ ਨ ਜਾਇ॥ ਦੇਵਣ ਵਾਲੇ ਕੈ ਹਥਿ ਦਾਤਿ ਹੈ ਗੁਰੂ ਦੁਆਰੈ ਪਾਇ॥ (੩੩)

- ਆਪਿ ਦਇਆ ਕਰਿ ਦੇਵਸੀ ਗੁਰਮੁਖਿ ਅੰਮ੍ਰਿਤੁ ਚੋਇ॥
ਸਭੁ ਤਨੁ ਮਨੁ ਹਰਿਆ ਹੋਇਆ ਨਾਨਕ ਹਰਿ ਵਸਿਆ ਮਨਿ ਸੋਇ॥ (੪੧)

- ਮੇਰੇ ਸਤਿਗੁਰਾ ਹਉ ਤੁਧੁ ਵਿਟਹੁ ਕੁਰਬਾਣੁ॥ ਤੇਰੇ ਦਰਸਨ ਕਉ ਬਲਿਹਾਰਣੈ ਤੁਸਿ ਦਿਤਾ ਅੰਮ੍ਰਿਤ ਨਾਮੁ॥ (੫੨)

- ਹਰਿ ਹਰਿ ਅੰਮ੍ਰਿਤੁ ਹਰਿ ਮਨਿ ਭਾਵੈ ਮਿਲਿ ਸਤਿਗੁਰ ਅੰਮ੍ਰਿਤੁ ਪੀਜੈ ਜੀਉ॥ (੯੫)

- ਅੰਮ੍ਰਿਤ ਰਸੁ ਸਚੁ ਅੰਮ੍ਰਿਤੁ ਬੋਲੀ ਗੁਰਿ ਪੂਰੈ ਅੰਮ੍ਰਿਤੁ ਲੀਚੈ ਜੀਉ॥ (੯੬)

- ਅੰਮ੍ਰਿਤ ਰਸੁ ਹਰਿ ਗੁਰ ਤੇ ਪੀਆ॥ ਹਰਿ ਪੈਨਣੁ ਨਾਮੁ ਭੋਜਨੁ ਥੀਆ॥
ਨਾਮਿ ਰੰਗ ਨਾਮਿ ਚੋਜ ਤਮਾਸੇ ਨਾਉ ਨਾਨਕ ਕੀਨੇ ਭੋਗਾ ਜੀਉ॥ (੯੯)

- ਹਉ ਵਾਰੀ ਜੀਉ ਵਾਰੀ ਸਬਦਿ ਸੁਹਾਵਣਿਆ॥
ਅੰਮ੍ਰਿਤ ਨਾਮੁ ਸਦਾ ਸੁਖਦਾਤਾ ਗੁਰਮਤੀ ਮੰਨਿ ਵਸਾਵਣਿਆ॥ (੧੦੯)

- ਏਕੋ ਵੇਖਾ ਅਵਰੁ ਨ ਬੀਆ॥ ਗੁਰ ਪਰਸਾਦੀ ਅੰਮ੍ਰਿਤੁ ਪੀਆ॥
ਗੁਰ ਕੈ ਸਬਦਿ ਤਿਖਾ ਨਿਵਾਰੀ ਸਹਜੇ ਸੂਖਿ ਸਮਾਵਣਿਆ॥ (੧੧੩)

- ਅੰਮ੍ਰਿਤ ਰੰਗਿ ਰਤਾ ਲਿਵ ਲਾਏ॥ ਅੰਮ੍ਰਿਤੁ ਗੁਰ ਪਰਸਾਦੀ ਪਾਏ॥ (੧੧੮)

- ਅੰਮ੍ਰਿਤੁ ਪੀਵੈ ਜਿਸ ਨੋ ਆਪਿ ਪੀਆਏ॥ ਗੁਰ ਪਰਸਾਦੀ ਸਹਜਿ ਲਿਵ ਲਾਏ॥
ਪੂਰਨ ਪੂਰਿ ਰਹਿਆ ਸਭ ਆਪੇ ਗੁਰਮਤਿ ਨਦਰੀ ਆਵਣਿਆ॥ (੧੧੯)

- ਨਿਰਮਲ ਅੰਮ੍ਰਿਤੁ ਗੁਰ ਤੇ ਪਾਇਆ॥ ਵਿਚਹੁ ਆਪੁ ਮੁਆ ਤਿਥੈ ਮੋਹੁ ਨ ਮਾਇਆ॥ (੧੨੧)

- ਹਉ ਵਾਰੀ ਜੀਉ ਵਾਰੀ ਅੰਮ੍ਰਿਤ ਨਾਮੁ ਮੰਨਿ ਵਸਾਵਣਿਆ॥
ਅੰਮ੍ਰਿਤ ਨਾਮੁ ਮਹਾ ਰਸੁ ਮੀਠਾ ਗੁਰਮਤੀ ਅੰਮ੍ਰਿਤੁ ਪੀਆਵਣਿਆ॥ (੧੨੪)

- ਹਰਿ ਅੰਮ੍ਰਿਤ ਬੂੰਦ ਸੁਹਾਵਣੀ ਮਿਲਿ ਸਾਧੂ ਪੀਵਣਹਾਰੁ॥ (੧੩੪)

- ਆਪੇ ਹੀ ਪ੍ਰਭੁ ਦੇਹਿ ਮਤਿ ਹਰਿ ਨਾਮੁ ਧਿਆਈਐ॥ ਵਡਭਾਗੀ ਸਤਿਗੁਰੁ ਮਿਲੈ ਮੁਖਿ ਅੰਮ੍ਰਿਤੁ ਪਾਈਐ॥ (੧੬੩)

- ਜਿਤਨੇ ਰਸ ਅਨ ਰਸ ਹਮ ਦੇਖੇ ਸਭ ਤਿਤਨੇ ਫੀਕ ਫੀਕਾਨੇ॥
ਹਰਿ ਕਾ ਨਾਮੁ ਅੰਮ੍ਰਿਤ ਰਸੁ ਚਾਖਿਆ ਮਿਲਿ ਸਤਿਗੁਰ ਮੀਠ ਰਸ ਗਾਨੇ॥ (੧੬੯)

- ਮੈ ਵੇਦਨ ਪ੍ਰੇਮੁ ਹਰਿ ਬਿਰਹੁ ਲਗਾਈ ਜੀਉ॥ ਗੁਰ ਸਰਧਾ ਪੂਰਿ ਅੰਮ੍ਰਿਤੁ ਮੁਖਿ ਪਾਈ ਜੀਉ॥ (੧੭੫)

- ਘੋਲਿ ਮਹਾ ਰਸੁ ਅੰਮ੍ਰਿਤੁ ਤਿਹ ਪੀਆ॥ ਨਾਨਕ ਹਰਿ ਗੁਰਿ ਜਾ ਕਉ ਦੀਆ॥ (੨੫੪)

- ਅੰਮ੍ਰਿਤੁ ਹਰਿ ਰਸੁ ਹਰਿ ਆਪ ਪੀਆਇਆ॥ ਗੁਰਿ ਪੂਰੈ ਨਾਨਕ ਹਰਿ ਪਾਇਆ॥ (੩੬੬)

- ਸਤਿਗੁਰੁ ਮੇਰਾ ਸਦਾ ਦਇਆਲਾ ਮੋਹਿ ਦੀਨ ਕਉ ਰਾਖਿ ਲੀਆ॥
ਕਾਟਿਆ ਰੋਗੁ ਮਹਾ ਸੁਖੁ ਪਾਇਆ ਹਰਿ ਅੰਮ੍ਰਿਤੁ ਮੁਖਿ ਨਾਮੁ ਦੀਆ॥ (੩੮੩)

- ਹਰਿ ਅੰਮ੍ਰਿਤ ਭਗਤਿ ਭੰਡਾਰ ਹੈ ਗੁਰ ਸਤਿਗੁਰ ਪਾਸੇ ਰਾਮ ਰਾਜੇ॥ (੪੪੯)

- ਆਦਿ ਮਧਿ ਅਰੁ ਅੰਤਿ ਪਰਮੇਸਰਿ ਰਖਿਆ॥ ਸਤਿਗੁਰਿ ਦਿਤਾ ਹਰਿ ਨਾਮੁ ਅੰਮ੍ਰਿਤੁ ਚਖਿਆ॥ (੫੨੩)

- ਅੰਮ੍ਰਿਤੁ ਹਰਿ ਹਰਿ ਨਾਮੁ ਹੈ ਮੇਰੀ ਜਿੰਦੁੜੀਏ ਅੰਮ੍ਰਿਤੁ ਗੁਰਮਤਿ ਪਾਏ ਰਾਮ॥ (੫੩੮)

- ਜਿਸੁ ਜਲ ਨਿਧਿ ਕਾਰਣਿ ਤੁਮ ਜਗਿ ਆਏ ਸੋ ਅੰਮ੍ਰਿਤੁ ਗੁਰ ਪਾਹੀ ਜੀਉ॥
ਛੋਡਹੁ ਵੇਸੁ ਭੇਖ ਚਤੁਰਾਈ ਦੁਬਿਧਾ ਇਹੁ ਫਲੁ ਨਾਹੀ ਜੀਉ॥ (੫੯੮)

- ਜਪਿ ਮਨ ਹਰਿ ਹਰਿ ਨਾਮੁ ਸਲਾਹ॥
ਗੁਰ ਕਿਰਪਾ ਤੇ ਪਾਈਐ ਪਿਆਰਾ ਅੰਮ੍ਰਿਤੁ ਅਗਮ ਅਥਾਹ॥ (੬੦੪)

- ਏਕ ਬੂੰਦ ਗੁਰਿ ਅੰਮ੍ਰਿਤੁ ਦੀਨੋ ਤਾ ਅਟਲੁ ਅਮਰੁ ਨ ਮੁਆ॥
ਭਗਤਿ ਭੰਡਾਰ ਗੁਰਿ ਨਾਨਕ ਕਉ ਸਉਪੇ ਫਿਰਿ ਲੇਖਾ ਮੂਲਿ ਨ ਲਇਆ॥ (੬੧੨)

- ਅਉਖਧੁ ਨਾਮੁ ਨਿਰਮਲ ਜਲੁ ਅੰਮ੍ਰਿਤੁ ਪਾਈਐ ਗੁਰੂ ਦੁਆਰੀ॥
ਕਹੁ ਨਾਨਕ ਜਿਸੁ ਮਸਤਕਿ ਲਿਖਿਆ ਤਿਸੁ ਗੁਰ ਮਿਲਿ ਰੋਗ ਬਿਦਾਰੀ॥ (੬੧੬)

- ਅੰਮ੍ਰਿਤ ਨਾਮੁ ਨਿਰਮੋਲਕੁ ਹੀਰਾ ਗੁਰਿ ਦੀਨੋ ਮੰਤਾਨੀ॥ (੬੭੧)

- ਜਾ ਕਉ ਗੁਰਿ ਦੀਨੋ ਇਹੁ ਅੰਮ੍ਰਿਤੁ ਤਿਸ ਹੀ ਕਉ ਬਨਿ ਆਵੈ॥ (੬੭੨)

- ਜੇਹੇ ਕਰਮ ਕਮਾਇ ਤੇਹਾ ਹੋਇਸੀ॥ ਅੰਮ੍ਰਿਤੁ ਹਰਿ ਕਾ ਨਾਉ ਆਪਿ ਵਰਤਾਇਸੀ॥ (੭੩੦)

- ਮੈ ਹਰਿ ਹਰਿ ਨਾਮੁ ਵਿਸਾਹੁ॥ ਗੁਰ ਪੂਰੇ ਤੇ ਪਾਇਆ ਅੰਮ੍ਰਿਤੁ ਅਗਮ ਅਥਾਹੁ॥ (੭੫੮)

- ਸਤਿਗੁਰੁ ਬਿਰਹੀ ਨਾਮ ਕਾ ਜੇ ਮਿਲੈ ਤ ਤਨੁ ਮਨੁ ਦੇਉ॥
ਜੇ ਪੂਰਬਿ ਹੋਵੈ ਲਿਖਿਆ ਤਾ ਅੰਮ੍ਰਿਤੁ ਸਹਜਿ ਪੀਏਉ॥ (੭੫੮)

- ਗੁਰਿ ਪੂਰੈ ਮੇਰੀ ਰਾਖਿ ਲਈ॥ ਅੰਮ੍ਰਿਤ ਨਾਮੁ ਰਿਦੇ ਮਹਿ ਦੀਨੋ ਜਨਮ ਜਨਮ ਕੀ ਮੈਲੁ ਗਈ॥ (੮੨੩)

- ਸਤਗੁਰੁ ਦਾਤਾ ਵਡਾ ਵਡ ਪੁਰਖੁ ਹੈ ਜਿਤੁ ਮਿਲਿਐ ਹਰਿ ਉਰ ਧਾਰੇ॥

ਜੀਅ ਦਾਨੁ ਗੁਰਿ ਪੂਰੈ ਦੀਆ ਹਰਿ ਅੰਮ੍ਰਿਤ ਨਾਮੁ ਸਮਾਰੇ॥ (੮੮੨)

- ਤ੍ਰੈ ਗੁਣ ਰਹਤ ਰਹੈ ਨਿਰਾਰੀ ਸਾਧਿਕ ਸਿਧ ਨ ਜਾਨੈ॥
ਰਤਨ ਕੋਠੜੀ ਅੰਮ੍ਰਿਤ ਸੰਪੂਰਨ ਸਤਿਗੁਰ ਕੈ ਖਜਾਨੈ॥ (੮੮੩)

- ਐਸਾ ਰਸੁ ਅੰਮ੍ਰਿਤੁ ਮਨਿ ਚਾਖਿਆ ਤ੍ਰਿਪਤਿ ਰਹੇ ਆਘਾਈ॥
ਕਹੁ ਨਾਨਕ ਮੇਰੀ ਆਸਾ ਪੂਰੀ ਸਤਿਗੁਰ ਕੀ ਸਰਣਾਈ॥ (੮੮੩)

- ਸੁਰਿ ਨਰ ਮੁਨਿ ਜਨ ਅੰਮ੍ਰਿਤੁ ਖੋਜਦੇ ਸੁ ਅੰਮ੍ਰਿਤੁ ਗੁਰ ਤੇ ਪਾਇਆ॥
ਪਾਇਆ ਅੰਮ੍ਰਿਤੁ ਗੁਰਿ ਕ੍ਰਿਪਾ ਕੀਨੀ ਸਚਾ ਮਨਿ ਵਸਾਇਆ॥ (੯੧੮)

- ਮਨਿ ਤਨਿ ਸਾਸਿ ਗਿਰਾਸਿ ਪ੍ਰਭੁ ਇਕੋ ਇਕੁ ਧਿਆਇ॥
ਅੰਮ੍ਰਿਤੁ ਨਾਮੁ ਨਿਧਾਨੁ ਸਚੁ ਗੁਰਮੁਖਿ ਪਾਇਆ ਜਾਇ॥ (੯੬੧)

- ਦਸਨਿ ਸੰਤ ਪਿਆਰਿਆ ਸੁਣਹੁ ਲਾਇ ਚਿਤਾ॥
ਜਿਸੁ ਲਿਖਿਆ ਨਾਨਕ ਦਾਸ ਤਿਸੁ ਨਾਉ ਅੰਮ੍ਰਿਤੁ ਸਤਿਗੁਰਿ ਦਿਤਾ॥ (੯੬੫)

- ਭਇਆ ਮਨੂਰੁ ਕੰਚਨੁ ਫਿਰਿ ਹੋਵੈ ਜੇ ਗੁਰੁ ਮਿਲੈ ਤਿਨੇਹਾ॥
ਏਕੁ ਨਾਮੁ ਅੰਮ੍ਰਿਤੁ ਓਹੁ ਦੇਵੈ ਤਉ ਨਾਨਕ ਤ੍ਰਿਸਟਸਿ ਦੇਹਾ॥ (੯੯੦)

- ਨਾ ਹਉ ਕਰਤਾ ਨਾ ਮੈ ਕੀਆ॥ ਅੰਮ੍ਰਿਤੁ ਨਾਮੁ ਸਤਿਗੁਰਿ ਦੀਆ॥ (੯੯੩)

- ਅੰਮ੍ਰਿਤੁ ਪੀਆ ਸਤਿਗੁਰਿ ਦੀਆ॥ ਅਵਰੁ ਨ ਜਾਣਾ ਦੂਆ ਤੀਆ॥ (੧੦੩੪)

- ਗੁਰਿ ਪੂਰੈ ਸਭੁ ਪੂਰਾ ਕੀਆ॥ ਅੰਮ੍ਰਿਤ ਨਾਮੁ ਰਿਦ ਮਹਿ ਦੀਆ॥ (੧੧੮੪)

- ਹਰਿ ਕਾ ਨਾਮੁ ਅੰਮ੍ਰਿਤੁ ਹਰਿ ਹਰਿ ਹਰੇ ਸੋ ਪੀਐ ਜਿਸੁ ਰਾਮੁ ਪਿਆਸੀ॥
ਹਰਿ ਆਪਿ ਦਇਆਲੁ ਦਇਆ ਕਰਿ ਮੇਲੈ ਜਿਸੁ ਸਤਿਗੁਰੂ ਸੋ ਜਨੁ ਹਰਿ ਹਰਿ ਅੰਮ੍ਰਿਤ ਨਾਮੁ ਚਖਾਸੀ॥ (੧੨੦੨)

- ਨਾਨਕ ਅੰਮ੍ਰਿਤੁ ਮਨੈ ਮਾਹਿ ਪਾਈਐ ਗੁਰ ਪਰਸਾਦਿ॥
ਤਿਨ੍ੀ ਪੀਤਾ ਰੰਗ ਸਿਉ ਜਿਨ੍ ਕਉ ਲਿਖਿਆ ਆਦਿ॥ (੧੨੩੮)

- ਮੇਰੇ ਮਨ ਹਰਿ ਅੰਮ੍ਰਿਤ ਨਾਮੁ ਧਿਆਇ॥
ਸਤਿਗੁਰ ਪੁਰਖੁ ਮਿਲੈ ਨਾਉ ਪਾਈਐ ਹਰਿ ਨਾਮੇ ਸਦਾ ਸਮਾਇ॥ (੧੨੫੮)

- ਨਦਰਿ ਕਰੇ ਜੇ ਆਪਣੀ ਤਾਂ ਸਤਿਗੁਰੁ ਮਿਲੈ ਸੁਭਾਇ॥

ਨਾਨਕ ਸਤਿਗੁਰ ਤੇ ਅੰਮ੍ਰਿਤ ਜਲੁ ਪਾਇਆ ਸਹਜੇ ਰਹਿਆ ਸਮਾਇ॥ (੧੨੮੪)

- ਪ੍ਰਗਟੀ ਜੋਤਿ ਚੂਕਾ ਅਭਿਮਾਨੁ॥ ਸਤਿਗੁਰਿ ਦੀਆ ਅੰਮ੍ਰਿਤ ਨਾਮੁ॥ (੧੩੨੮)

- ਹਰਿਹਾਂ ਅੰਮ੍ਰਿਤੁ ਹਰਿ ਕਾ ਨਾਮੁ ਸਤਿਗੁਰ ਤੇ ਪਾਇਆ॥ (੧੩੬੨)

(੬) ਸਤਿਗੁਰੂ ਬਾਝਹੁ ਅੰਮ੍ਰਿਤ ਦਾ ਦਾਤਾ ਹੋਰ ਕੋਈ ਨਹੀ

- ਬਿਨੁ ਗੁਰ ਮਹਲੁ ਨ ਜਾਪਈ ਨਾ ਅੰਮ੍ਰਿਤ ਫਲ ਪਾਹਿ॥ ਅੰਮ੍ਰਿਤ ਫਲੁ ਹਰਿ ਏਕੁ ਹੈ ਆਪੇ ਦੇਇ ਖਵਾਇ॥ (੬੬)

- ਗੁਰਮੁਖਿ ਤਤੁ ਹੈ ਬੀਚਾਰਾ॥ ਅੰਮ੍ਰਿਤਿ ਭਰੇ ਤੇਰੇ ਭੰਡਾਰਾ॥
ਬਿਨੁ ਸਤਿਗੁਰ ਸੇਵੇ ਕੋਈ ਨ ਪਾਵੈ ਗੁਰ ਕਿਰਪਾ ਤੇ ਪਾਵਣਿਆ॥ (੧੧੯)

- ਸਤਿਗੁਰ ਬਾਝਹੁ ਗੁਰੁ ਨਹੀ ਕੋਈ ਨਿਗੁਰੇ ਕਾ ਹੈ ਨਾਉ ਬੁਰਾ॥ (੪੩੫)

(੭) ਅੰਮ੍ਰਿਤ ਦੇ ਲੁਟੇਰੇ

- ਉਸਾਰਿ ਮੜੋਲੀ ਰਾਖੈ ਦੁਆਰਾ ਭੀਤਰਿ ਬੈਠੀ ਸਾ ਧਨਾ॥
ਅੰਮ੍ਰਿਤ ਕੇਲ ਕਰੇ ਨਿਤ ਕਾਮਣਿ ਅਵਰਿ ਲੁਟੇਨਿ ਸੁ ਪੰਚ ਜਨਾ॥ (੧੫੫)

- ਘਰ ਮਹਿ ਅੰਮ੍ਰਿਤੁ ਤਸਕਰੁ ਲੇਈ॥ ਨੰਨਾਕਾਰੁ ਨ ਕੋਇ ਕਰੇਈ॥ (੨੨੧)

- ਇਸੁ ਦੇਹੀ ਅੰਦਰਿ ਪੰਚ ਚੋਰ ਵਸਹਿ ਕਾਮੁ ਕ੍ਰੋਧੁ ਲੋਭੁ ਮੋਹੁ ਅਹੰਕਾਰਾ॥
ਅੰਮ੍ਰਿਤੁ ਲੂਟਹਿ ਮਨਮੁਖ ਨਹੀ ਬੂਝਹਿ ਕੋਇ ਨ ਸੁਣੈ ਪੂਕਾਰਾ॥ (੬੦੦)

- ਸੰਚਿ ਬਿਖਿਆ ਲੇ ਗ੍ਰਾਹਜੁ ਕੀਨੀ ਅੰਮ੍ਰਿਤੁ ਮਨ ਤੇ ਡਾਰਨ॥
ਕਾਮ ਕ੍ਰੋਧ ਲੋਭ ਰਤੁ ਨਿੰਦਾ ਸਤੁ ਸੰਤੋਖੁ ਬਿਦਾਰਨ॥ (੮੨੦)

- ਸਾਕਤ ਮੁਠੇ ਦੁਰਮਤੀ ਹਰਿ ਰਸੁ ਨ ਜਾਣੰਨ੍ਹਿ॥
ਜਿਨ੍ਹੀ ਅੰਮ੍ਰਿਤੁ ਭਰਮਿ ਲੁਟਾਇਆ ਬਿਖੁ ਸਿਉ ਰਚਹਿ ਰਚੰਨ੍ਹਿ॥ (੮੫੪)

- ਜਗਤੁ ਮੁਸੈ ਅੰਮ੍ਰਿਤੁ ਲੁਟੀਐ ਮਨਮੁਖ ਬੂਝ ਨ ਪਾਇ॥ (੧੨੮੨)

(੮) ਅੰਮ੍ਰਿਤ ਪ੍ਰਾਪਤੀ ਦੇ ਅਮੋਲ ਫਲ

(੧) ਹਿਰਦੇ ਕੰਵਲ ਦਾ ਵਿਗਾਸ ਤੇ ਖਿੜਾਉ

- ਚਾਰੇ ਅਗਨਿ ਨਿਵਾਰਿ ਮਰੁ ਗੁਰਮੁਖਿ ਹਰਿ ਜਲੁ ਪਾਇ॥
ਅੰਤਰਿ ਕਮਲੁ ਪ੍ਰਗਾਸਿਆ ਅੰਮ੍ਰਿਤੁ ਭਰਿਆ ਅਘਾਇ॥ (੨੨)

- ਉਲਟਿਓ ਕਮਲੁ ਬ੍ਰਹਮੁ ਬੀਚਾਰਿ॥ ਅੰਮ੍ਰਿਤ ਧਾਰ ਗਗਨਿ ਦਸ ਦੁਆਰਿ॥ (੧੫੩)

- ਭਗਤਾ ਮੁਖਿ ਅੰਮ੍ਰਿਤ ਹੈ ਬਾਣੀ॥ ਗੁਰਮੁਖਿ ਹਰਿ ਨਾਮੁ ਆਖਿ ਵਖਾਣੀ॥
  ਹਰਿ ਹਰਿ ਕਰਤ ਸਦਾ ਮਨੁ ਬਿਗਸੈ ਹਰਿ ਚਰਣੀ ਮਨੁ ਲਾਈ ਹੇ॥ (੧੦੭੦)

- ਉਲਟਿ ਕਮਲੁ ਅੰਮ੍ਰਿਤਿ ਭਰਿਆ ਇਹੁ ਮਨੁ ਕਤਹੁ ਨ ਜਾਇ॥
  ਅਜਪਾ ਜਾਪੁ ਨ ਵੀਸਰੈ ਆਦਿ ਜੁਗਾਦਿ ਸਮਾਇ॥ (੧੨੯੧)

(੨) ਅਮਰ ਪਦਾਰਥ, ਸਹਜ ਪਦ, ਸੱਚੀ ਅਸਥਿਰਤਾ ਵਾ ਮੁਕਤਿ ਪਦਾਰਥ ਵਾ ਸੱਚੀ ਦਰਗਹ ਅਥਵਾ ਸੱਚਖੰਡ ਦੀ ਪ੍ਰਾਪਤੀ

- ਗੁਰਿ ਅੰਮ੍ਰਿਤ ਨਾਮੁ ਪੀਆਲਿਆ ਜਨਮ ਮਰਨ ਕਾ ਪਥੁ॥ (੪੯)

- ਅਕਥ ਕਥਾ ਵੀਚਾਰੀਐ ਜੇ ਸਤਿਗੁਰ ਮਾਹਿ ਸਮਾਇ॥ ਪੀ ਅੰਮ੍ਰਿਤੁ ਸੰਤੋਖਿਆ ਦਰਗਹਿ ਪੈਧਾ ਜਾਇ॥ (੬੨)

- ਮਨਿ ਤਨੇ ਗਲਤਾਨ ਸਿਮਰਤ ਪ੍ਰਭ ਨਾਮ ਹਰਿ ਅੰਮ੍ਰਿਤੁ ਪੀਵਤੇ ਜੀਉ॥
  ਅੰਮ੍ਰਿਤੁ ਹਰਿ ਪੀਵਤੇ ਸਦਾ ਥਿਰੁ ਥੀਵਤੇ ਬਿਖੈ ਬਨੁ ਫੀਕਾ ਜਾਨਿਆ॥ (੮੦)

- ਗਹਿਰ ਗੰਭੀਰ ਅੰਮ੍ਰਿਤ ਨਾਮੁ ਤੇਰਾ॥ ਮੁਕਤਿ ਭਇਆ ਜਿਸੁ ਰਿਦੈ ਵਸੇਰਾ॥
  ਗੁਰਿ ਬੰਧਨ ਤਿਨ ਕੇ ਸਗਲੇ ਕਾਟੇ ਜਨ ਨਾਨਕ ਸਹਜਿ ਸਮਾਈ ਜੀਉ॥ (੧੦੧)

- ਅੰਮ੍ਰਿਤ ਬਾਣੀ ਹਰਿ ਹਰਿ ਤੇਰੀ॥ ਸੁਣਿ ਸੁਣਿ ਹੋਵੈ ਪਰਮ ਗਤਿ ਮੇਰੀ॥ (੧੦੩)

- ਧਨੁ ਧਨੁ ਪੁਰਖ ਸਾਬਾਸਿ ਹੈ ਜਿਨ ਸਚੁ ਰਸਨਾ ਅੰਮ੍ਰਿਤੁ ਪਿਜੈ॥
  ਸਚੁ ਸਚਾ ਜਿਨ ਮਨਿ ਭਾਵਦਾ ਸੇ ਮਨਿ ਸਚੀ ਦਰਗਹ ਲਿਜੈ॥ (੩੧੨)

- ਹਰਿ ਅੰਮ੍ਰਿਤ ਰਸੁ ਪਾਇਆ ਮੁਆ ਜੀਵਾਇਆ ਫਿਰਿ ਬਾਹੁੜਿ ਮਰਣੁ ਨ ਹੋਈ॥ (੪੪੭)

- ਅੰਮ੍ਰਿਤੁ ਪੀਵਹੁ ਸਦਾ ਚਿਰੁ ਜੀਵਹੁ ਹਰਿ ਸਿਮਰਤ ਅਨਦ ਅਨੰਤਾ॥ (੪੯੬)

- ਸਾਧ ਸੰਗਿ ਹਰਿ ਅੰਮ੍ਰਿਤੁ ਪੀਜੈ॥ ਨਾ ਜੀਉ ਮਰੈ ਨ ਕਬਹੁ ਛੀਜੈ॥ (੫੬੩)

- ਤਨੁ ਮਨੁ ਦਿਤਾ ਭਵਜਲੁ ਜਿਤਾ ਚੂਕੀ ਕਾਂਣਿ ਜਮਾਣੀ॥
  ਅਸਥਿਰੁ ਥੀਆ ਅੰਮ੍ਰਿਤੁ ਪੀਆ ਰਹਿਆ ਆਵਣ ਜਾਣੀ॥ (੫੭੬)

- ਸਬਦਿ ਮਰਹੁ ਫਿਰਿ ਜੀਵਹੁ ਸਦ ਹੀ ਤਾ ਫਿਰਿ ਮਰਣੁ ਨ ਹੋਈ॥
  ਅੰਮ੍ਰਿਤੁ ਨਾਮੁ ਸਦਾ ਮਨਿ ਮੀਠਾ ਸਬਦੇ ਪਾਵੈ ਕੋਈ॥ (੬੦੪)

- ਏਕ ਬੂੰਦ ਗੁਰਿ ਅੰਮ੍ਰਿਤੁ ਦੀਨੋ ਤਾ ਅਟਲੁ ਅਮਰੁ ਨ ਮੁਆ॥
ਭਗਤਿ ਭੰਡਾਰ ਗੁਰਿ ਨਾਨਕ ਕਉ ਸਉਪੇ ਫਿਰਿ ਲੇਖਾ ਮੂਲਿ ਨ ਲਇਆ॥ (੬੧੨)

- ਥਾਲੈ ਵਿਚਿ ਤੈ ਵਸਤੂ ਪਈਓ ਹਰਿ ਭੋਜਨੁ ਅੰਮ੍ਰਿਤੁ ਸਾਰੁ॥
ਜਿਤੁ ਖਾਧੈ ਮਨੁ ਤ੍ਰਿਪਤੀਐ ਪਾਈਐ ਮੋਖ ਦੁਆਰੁ॥ (੬੪੫)

- ਤਹ ਮਰਣੁ ਨ ਜੀਵਣੁ ਸੋਗੁ ਨ ਹਰਖਾ॥ਸਾਚ ਨਾਮ ਕੀ ਅੰਮ੍ਰਿਤ ਵਰਖਾ॥ (੭੩੯)

- ਸਾਧਸੰਗਿ ਜਨਮ ਮਰਣ ਨਿਵਾਰੀ॥ ਅੰਮ੍ਰਿਤ ਕਥਾ ਸੁਣਿ ਕਰਨ ਅਧਾਰੀ॥ (੭੪੦)

- ਜਰਾ ਮਰਾ ਨਹ ਵਿਆਪਈ ਫਿਰਿ ਦੂਖੁ ਨ ਪਾਇਆ॥
ਪੀ ਅੰਮ੍ਰਿਤੁ ਆਘਾਨਿਆ ਗੁਰਿ ਅਮਰੁ ਕਰਾਇਆ॥ (੮੦੮)

- ਅੰਮ੍ਰਿਤ ਰਸੁ ਹਰਿ ਪਾਇਆ ਬਿਖਿਆ ਰਸ ਫੀਕੇ ਰਾਮ॥
ਨਾਨਕ ਜਲੁ ਜਲਹਿ ਸਮਾਇਆ ਜੋਤੀ ਜੋਤਿ ਮੀਕੇ ਰਾਮ॥ (੮੪੮)

- ਨਿਰਮਲ ਜੋਤਿ ਅੰਮ੍ਰਿਤੁ ਹਰਿ ਨਾਮ॥ ਪੀਵਤ ਅਮਰ ਭਏ ਨਿਹਕਾਮ॥ (੮੮੬)

- ਅੰਮ੍ਰਿਤੁ ਪੀਵਹੁ ਸਾਧ ਪਿਆਰੇ॥ ਮੁਖ ਊਜਲ ਸਾਚੈ ਦਰਬਾਰੇ॥ (੮੯੯)

- ਜਨਮ ਮਰਣ ਕਾ ਸਹਸਾ ਚੂਕਾ ਬਾਹੁੜਿ ਕਤਹੁ ਨ ਧਾਈ॥
ਨਾਮ ਰਸਾਇਣਿ ਇਹੁ ਮਨੁ ਰਾਤਾ ਅੰਮ੍ਰਿਤੁ ਪੀ ਤ੍ਰਿਪਤਾਈ॥ (੯੧੫)

- ਅੰਮ੍ਰਿਤ ਬਾਣੀ ਸਤਿਗੁਰ ਪੂਰੇ ਕੀ ਜਿਸੁ ਕਿਰਪਾਲੁ ਹੋਵੈ ਤਿਸੁ ਰਿਦੈ ਵਸੇਹਾ॥
ਆਵਣ ਜਾਣਾ ਤਿਸ ਕਾ ਕਟੀਐ ਸਦਾ ਸਦਾ ਸੁਖੁ ਹੋਹਾ॥ (੯੬੧)

- ਮੇਰੇ ਮਨ ਨਾਮੁ ਅੰਮ੍ਰਿਤੁ ਪੀਉ॥ ਆਨ ਸਾਦ ਬਿਸਾਰਿ ਹੋਛੇ ਅਮਰੁ ਜੁਗੁ ਜੁਗੁ ਜੀਉ॥ (੧੦੦੭)

- ਵਿਣੁ ਚਾਖੇ ਸਾਦੁ ਕਿਸੈ ਨ ਆਇਆ॥ ਗੁਰ ਕੈ ਸਬਦਿ ਅੰਮ੍ਰਿਤੁ ਪੀਆਇਆ॥
ਅੰਮ੍ਰਿਤੁ ਪੀ ਅਮਰਾ ਪਦੁ ਹੋਏ ਗੁਰ ਕੈ ਸਬਦਿ ਰਸੁ ਤਾਹਾ ਹੇ॥ (੧੦੫੬)

- ਕਾਇਆ ਬਿਰਖੁ ਪੰਖੀ ਵਿਚਿ ਵਾਸਾ॥ ਅੰਮ੍ਰਿਤੁ ਚੁਗਹਿ ਗੁਰ ਸਬਦਿ ਨਿਵਾਸਾ॥
ਉਡਹਿ ਨ ਮੂਲੇ ਨ ਆਵਹਿ ਨ ਜਾਹੀ ਨਿਜ ਘਰਿ ਵਾਸਾ ਪਾਇਆ॥ (੧੦੬੮)

- ਅੰਮ੍ਰਿਤ ਰਸੁ ਸਤਿਗੁਰੂ ਚੁਆਇਆ॥ ਦਸਵੈ ਦੁਆਰਿ ਪ੍ਰਗਟੁ ਹੋਇ ਆਇਆ॥

ਤਹ ਅਨਹਦ ਸਬਦ ਵਜਹਿ ਧੁਨਿ ਬਾਣੀ ਸਹਜੇ ਸਹਜਿ ਸਮਾਈ ਹੇ॥ (੧੦੬੯)

- ਹਿਰਦੈ ਨਾਮੁ ਅੰਮ੍ਰਿਤ ਰਸੁ ਰਸਨਾ ਰਸੁ ਗਾਵਹਿ ਰਸੁ ਬੀਚਾਰੇ॥
ਗੁਰ ਪਰਸਾਦਿ ਅੰਮ੍ਰਿਤ ਰਸੁ ਚੀਨ੍ਹਿਆ ਓਇ ਪਾਵਹਿ ਮੋਖ ਦੁਆਰੇ॥ (੧੧੯੯)

- ਬੈਕੁੰਠ ਗੋਬਿੰਦ ਚਰਨ ਨਿਤ ਧਿਆਉ॥ ਮੁਕਤਿ ਪਦਾਰਥੁ ਸਾਧੂ ਸੰਗਤਿ ਅੰਮ੍ਰਿਤੁ ਹਰਿ ਕਾ ਨਾਉ॥ (੧੨੨੦)

- ਸਾਚੀ ਬਾਣੀ ਮੀਠੀ ਅਮ੍ਰਿਤ ਧਾਰ॥ ਜਿਨਿ ਪੀਤੀ ਤਿਸੁ ਮੋਖ ਦੁਆਰ॥ (੧੨੭੫)

- ਨਾਨਕ ਸਤਿਗੁਰ ਤੇ ਅੰਮ੍ਰਿਤ ਜਲੁ ਪਾਇਆ ਸਹਜੇ ਰਹਿਆ ਸਮਾਇ॥ (੧੨੮੪)

- ਅੰਮ੍ਰਿਤੁ ਨਾਮੁ ਨਿਧਾਨੁ ਦਿਤਾ ਤੁਸਿ ਹਰਿ॥ ਨਾਨਕ ਸਦਾ ਅਰਾਧਿ ਕਦੇ ਨ ਜਾਂਹਿ ਮਰਿ॥ (੧੩੬੩)

(੩) ਕਾਮ, ਕ੍ਰੋਧ, ਲੋਭ, ਮੋਹ, ਹੰਕਾਰ, ਦੁਬਿਧਾ, ਤ੍ਰਿਸਨਾ, ਤ੍ਰਿਖਾ ਸਮੂਹ ਪਾਪਾਂ ਕਸੰਪਲਾਂ, ਅਪ੍ਰਾਧਾਂ, ਦੁੱਖਾਂ, ਰੋਗਾਂ, ਸੋਗਾਂ, ਵਿਘਨਾਂ, ਤਾਪਾਂ, ਕਲਮਲਾਂ, ਜਨਮਾਂ ਜਨਮਾਤਰਾਂ ਦੇ ਕਰਮਾਂ ਧਰਮਾਂ ਦੀਆਂ ਮੈਲ੍ਹਾਂ ਕਿਲਵਿਖਾਂ ਵਿਕਾਰਾਂ ਦਾ ਨਾਸ ਤੇ ਅੰਤਰਿ ਆਤਮੇ ਅੰਮ੍ਰਿਤ ਰਸ, ਨਾਮ ਮਹਾਂ ਰਸੁ ਤੇ ਸਚੀ ਠੰਡ ਸੀਤਲਤਾ ਦੀ ਪ੍ਰਾਪਤੀ

- ਗੁਰ ਕਾ ਸਬਦੁ ਅੰਮ੍ਰਿਤੁ ਹੈ ਜਿਤੁ ਪੀਤੈ ਤ੍ਰਿਖ ਜਾਇ॥ (੩੫)

- ਸਤਿਗੁਰੁ ਪੁਰਖੁ ਅੰਮ੍ਰਿਤ ਸਰੁ ਵਡਭਾਗੀ ਨਾਵਹਿ ਆਇ॥
ਉਨ ਜਨਮ ਜਨਮ ਕੀ ਮੈਲੁ ਉਤਰੈ ਨਿਰਮਲ ਨਾਮੁ ਦ੍ਰਿੜਾਇ॥ (੪੦)

- ਹਉ ਵਾਰੀ ਜੀਉ ਵਾਰੀ ਗੁਰ ਚਰਣੀ ਚਿਤੁ ਲਾਵਣਿਆ॥
ਸਤਿਗੁਰੁ ਹੈ ਅੰਮ੍ਰਿਤ ਸਰੁ ਸਾਚਾ ਮਨੁ ਨਾਵੈ ਮੈਲੁ ਚੁਕਾਵਣਿਆ॥ (੧੧੩)

- ਏਕੋ ਵੇਖਾ ਅਵਰੁ ਨ ਬੀਆ॥ ਗੁਰ ਪਰਸਾਦੀ ਅੰਮ੍ਰਿਤੁ ਪੀਆ॥
ਗੁਰ ਕੈ ਸਬਦਿ ਤ੍ਰਿਖਾ ਨਿਵਾਰੀ ਸਹਜੇ ਸੁਖਿ ਸਮਾਵਣਿਆ॥ (੧੧੩)

- ਸਤਿਗੁਰੁ ਸੇਵਿਐ ਵਡੀ ਵਡਿਆਈ॥ ਹਰਿ ਜੀ ਅਚਿੰਤੁ ਵਸੈ ਮਨਿ ਆਈ॥
ਹਰਿ ਜੀਉ ਸਫਲਿਓ ਬਿਰਖੁ ਹੈ ਅੰਮ੍ਰਿਤੁ ਜਿਨਿ ਪੀਤਾ ਤਿਸੁ ਤ੍ਰਿਖਾ ਲਹਾਵਣਿਆ॥ (੧੧੪)

- ਅੰਮ੍ਰਿਤੁ ਵਰਸੈ ਸਹਜਿ ਸੁਭਾਏ॥ ਗੁਰਮੁਖਿ ਵਿਰਲਾ ਕੋਈ ਜਨੁ ਪਾਏ॥
ਅੰਮ੍ਰਿਤੁ ਪੀ ਸਦਾ ਤ੍ਰਿਪਤਾਸੇ ਕਰਿ ਕਿਰਪਾ ਤ੍ਰਿਸਨਾ ਬੁਝਾਵਣਿਆ॥ (੧੧੯)

- ਦੂਖੁ ਰੋਗੁ ਕਛੁ ਭਉ ਨ ਬਿਆਪੈ॥ ਅੰਮ੍ਰਿਤ ਨਾਮੁ ਰਿਦੈ ਹਰਿ ਜਾਪੈ॥ (੧੮੪)

- ਸੰਤ ਸੁਪ੍ਰਸੰਨ ਆਏ ਵਸਿ ਪੰਚਾ॥ ਅੰਮ੍ਰਿਤੁ ਨਾਮੁ ਰਿਦੈ ਲੈ ਸੰਚਾ॥ (੧੮੯)

- ਅੰਮ੍ਰਿਤ ਨਾਮੁ ਪੀਵਹੁ ਮੇਰੇ ਭਾਈ॥ ਸਿਮਰਿ ਸਿਮਰਿ ਸਭ ਤੁਪਤਿ ਬੁਝਾਈ॥ (੧੯੧)

- ਪੀਵਤ ਰਾਮ ਰਸੁ ਅੰਮ੍ਰਿਤ ਗੁਣ ਜਾਸੁ॥ ਜਪਿ ਹਰਿ ਚਰਣ ਮਿਟੀ ਖੁਧਿ ਤਾਸੁ॥ (੧੯੫)

- ਬਾਦਿਸਾਹ ਸਾਹ ਸਭ ਵਸਿ ਕਰਿ ਦੀਨੇ॥ ਅੰਮ੍ਰਿਤ ਨਾਮ ਮਹਾ ਰਸ ਪੀਨੇ॥ (੨੦੧)

- ਅੰਮ੍ਰਿਤੁ ਨਾਮੁ ਪੀਓ ਮਨੁ ਤ੍ਰਿਪਤਿਆ ਅਨਭੈ ਠਹਰਾਇਓ॥ (੨੦੯)

- ਅੰਮ੍ਰਿਤੁ ਨਾਮੁ ਰਸਨਾ ਨਿਤ ਗਾਵੈ॥ ਜਿਸ ਨੋ ਕ੍ਰਿਪਾ ਕਰੇ ਸੋ ਹਰਿ ਰਸੁ ਪਾਵੈ॥ (੨੩੨)

- ਹਰਿ ਅੰਮ੍ਰਿਤ ਸਰੁ ਗੁਰਿ ਪੂਰਿਆ ਮਿਲਿ ਸੰਗਤੀ ਮਲੁ ਲਹਿ ਜਾਇ॥ (੨੩੪)

- ਅਪੁਨੇ ਗੁਰ ਮਿਲਿ ਰਹੀਐ ਅੰਮ੍ਰਿਤੁ ਗਹੀਐ ਦੁਬਿਧਾ ਮਾਰਿ ਨਿਵਾਰੇ॥ (੨੪੪)

- ਘੋਲਿ ਮਹਾ ਰਸੁ ਅੰਮ੍ਰਿਤੁ ਤਿਹ ਪੀਆ॥ ਨਾਨਕ ਹਰਿ ਗੁਰਿ ਜਾ ਕਉ ਦੀਆ॥ (੨੫੪)

- ਠਾਂਢਿ ਪਰੀ ਸੰਤਹ ਸੰਗਿ ਬਸਿਆ॥ ਅੰਮ੍ਰਿਤ ਨਾਮੁ ਤਹਾ ਜੀਅ ਰਸਿਆ॥ (੨੫੬)

- ਝਰਹਿ ਕਸੰਮਲ ਪਾਪ ਤੇਰੇ ਮਨੂਆ॥ ਅੰਮ੍ਰਿਤ ਕਥਾ ਸੰਤਸੰਗਿ ਸੁਨੂਆ॥ (੨੫੫)

- ਹੋਤ ਪੁਨੀਤ ਕੋਟ ਅਪਰਾਧ॥ ਅੰਮ੍ਰਿਤ ਨਾਮੁ ਜਪਹਿ ਮਿਲਿ ਸਾਧੂ॥ (੨੫੮)

- ਸਾਧ ਕੈ ਸੰਗਿ ਆਵਹਿ ਬਸਿ ਪੰਚਾ॥ ਸਾਧਸੰਗਿ ਅੰਮ੍ਰਿਤ ਰਸੁ ਭੁੰਚਾ॥ (੨੭੧)

- ਸਾਧੂ ਕੈ ਸੰਗਿ ਪਾਪ ਪਲਾਇਨ॥ ਸਾਧਸੰਗਿ ਅੰਮ੍ਰਿਤ ਗੁਨ ਗਾਇਨ॥ (੨੭੧)

- ਅਨਿਕ ਬਿਘਨ ਤੇ ਸਾਧੂ ਰਾਖੈ॥ ਹਰਿ ਗੁਨ ਗਾਇ ਅੰਮ੍ਰਿਤ ਰਸੁ ਚਾਖੈ॥ (੨੮੩)

- ਭਉ ਬਿਨਸੈ ਅੰਮ੍ਰਿਤੁ ਰਸੈ ਰੰਗਿ ਰਤੇ ਨਿਰੰਕਾਰ॥ ਦੁਖ ਦਾਰਿਦ ਅਪਵਿਤ੍ਰਤਾ ਨਾਸਹਿ ਨਾਮ ਅਧਾਰ॥ (੨੯੭)

- ਜੀਵਤ ਮੁਏ ਮੁਏ ਸੇ ਜੀਵੇ॥ ਹਰਿ ਹਰਿ ਨਾਮੁ ਅਵਖਧੁ ਮੁਖਿ ਪਾਇਆ ਗੁਰ ਸਬਦੀ ਰਸੁ ਅੰਮ੍ਰਿਤੁ ਪੀਵੇ॥ (੩੭੪)

- ਅੰਮ੍ਰਿਤੁ ਨਾਮੁ ਤੁਮ੍ਹਾਰਾ ਠਾਕੁਰ ਏਹੁ ਮਹਾ ਰਸੁ ਜਨਹਿ ਪੀਓ॥
  ਜਨਮ ਜਨਮ ਚੂਕੇ ਭੈ ਭਾਰੇ ਦੁਰਤੁ ਬਿਨਾਸਿਓ ਭਰਮੁ ਬੀਓ॥ (੩੮੨)

- ਸਤਿਗੁਰੁ ਮੇਰਾ ਸਦਾ ਦਇਆਲਾ ਮੋਹਿ ਦੀਨ ਕਉ ਰਾਖਿ ਲੀਆ॥
ਕਾਟਿਆ ਰੋਗੁ ਮਹਾ ਸੁਖੁ ਪਾਇਆ ਹਰਿ ਅੰਮ੍ਰਿਤੁ ਮੁਖਿ ਨਾਮੁ ਦੀਆ॥ (੩੮੩)

- ਸ੍ਰਵਨ ਸੁਨੀਜੈ ਅੰਮ੍ਰਿਤ ਕਥਾ॥ ਜਾਸੁ ਸੁਨੀ ਮਨਿ ਹੋਇ ਅਨੰਦਾ ਦੁਖ ਰੋਗ ਮਨ ਸਗਲੇ ਲਥਾ॥ (੩੮੬)

- ਆਵਹੁ ਮੀਤ ਇਕਤ੍ਰ ਹੋਇ ਰਸ ਕਸ ਸਭਿ ਭੁੰਚਹ॥ ਅੰਮ੍ਰਿਤ ਨਾਮੁ ਹਰਿ ਹਰਿ ਜਪਹ ਮਿਲਿ ਪਾਪਾ ਮੁੰਚਹੁ॥ (੩੯੯)

- ਸਾਚਾ ਹਰਖੁ ਨਾਹੀ ਤਿਸੁ ਸੋਗੁ॥ ਅੰਮ੍ਰਿਤੁ ਗਿਆਨੁ ਮਹਾ ਰਸੁ ਭੋਗੁ॥ (੪੧੪)

- ਅੰਮ੍ਰਿਤੁ ਜਿਨ੍ਹਾ ਚਖਾਇਓਨੁ ਰਸੁ ਆਇਆ ਸਹਜਿ ਸੁਭਾਇ॥
ਅੰਮ੍ਰਿਤੁ ਸਚਾ ਵਰਸਦਾ ਗੁਰਮੁਖਾ ਮੁਖਿ ਪਾਇ॥ (੪੨੮)

- ਹਰਿ ਅੰਮ੍ਰਿਤ ਰਸੁ ਪਾਇਆ ਮੁਆ ਜੀਵਾਇਆ ਫਿਰਿ ਬਾਹੁੜਿ ਮਰਣੁ ਨ ਹੋਈ॥ (੪੪੭)

- ਸੀਤਲ ਆਘਾਣੇ ਅੰਮ੍ਰਿਤ ਬਾਣੇ ਸਾਜਨ ਸੰਤ ਬਸੀਠਾ॥ (੪੫੨)

- ਹਰਿ ਹਰਿ ਅੰਮ੍ਰਿਤੁ ਹਰਿ ਰਸੁ ਪਾਵਹਿ ਗੁਰਮਤਿ ਭਗਤਿ ਭੰਡਾਰੇ॥ (੪੯੩)

- ਗੁਰ ਸਬਦੀ ਹਰਿ ਮਨਿ ਵਸੈ ਹਰਿ ਸਹਜੇ ਜਾਤਾ॥
ਅੰਦਰਹੁ ਤ੍ਰਿਸਨਾ ਅਗਨਿ ਬੁਝੀ ਹਰਿ ਅੰਮ੍ਰਿਤ ਸਰਿ ਨਾਤਾ॥ (੫੧੦)

- ਹਰਿ ਜੀਉ ਅੰਮ੍ਰਿਤ ਬਿਰਖੁ ਹੈ ਜਿਨ ਪੀਆ ਤੇ ਤ੍ਰਿਪਤਾਨੀ॥ (੫੧੪)

- ਜਿਨਾ ਗੁਰਮੁਖਿ ਅੰਮ੍ਰਿਤੁ ਚਾਖਿਆ ਸੇ ਜਨ ਤ੍ਰਿਪਤਾਤਾ॥ (੫੧੪)

- ਅੰਮ੍ਰਿਤ ਹਰਿ ਕਾ ਨਾਉ ਸਦਾ ਧਿਆਇਆ॥ ਸੰਤ ਜਨਾ ਕੈ ਸੰਗਿ ਦੁਖੁ ਮਿਟਾਇਆ॥ (੫੧੭)

- ਕਰਮ ਧਰਮ ਤਤੁ ਗਿਆਨੁ ਸੰਤਾ ਸੰਗੁ ਹੋਇ॥ ਜਪੀਐ ਅੰਮ੍ਰਿਤ ਨਾਮੁ ਬਿਘਨੁ ਨ ਲਗੈ ਕੋਇ॥ (੫੨੧)

- ਸਦਾ ਸਦਾ ਦਿਨੁ ਰੈਣਿ ਇਕੋ ਇਕੁ ਧਿਆਇ॥ ਪੀਵਤਿ ਅੰਮ੍ਰਿਤ ਨਾਮੁ ਜਨ ਨਾਮੇ ਰਹੇ ਅਘਾਇ॥ (੫੨੨)

- ਕਾਂਯਾਂ ਲਾਹਣਿ ਆਪੁ ਮਦੁ ਅੰਮ੍ਰਿਤ ਤਿਸ ਕੀ ਧਾਰ॥
ਸਤਸੰਗਤਿ ਸਿਉ ਮੇਲਾਪੁ ਹੋਇ ਲਿਵ ਕਟੋਰੀ ਅੰਮ੍ਰਿਤ ਭਰੀ ਪੀ ਪੀ ਕਟਹਿ ਬਿਕਾਰ॥ (੫੫੩)

- ਅੰਮ੍ਰਿਤੁ ਸਚਾ ਨਾਉ ਭੋਜਨੁ ਚਾਖਿਆ॥ ਤ੍ਰਿਪਤਿ ਰਹੇ ਆਘਾਇ ਮਿਟੀ ਭੁਖਾਖਿਆ॥ (੫੯੪)

- ਜਪਿ ਮਨ ਹਰਿ ਹਰਿ ਨਾਮ ਰਸਿ ਧ੍ਰਾਪੈ॥ ਅੰਮ੍ਰਿਤ ਨਾਮੁ ਮਹਾ ਰਸੁ ਮੀਠਾ ਗੁਰ ਸਬਦੀ ਚਖਿ ਜਾਪੈ॥ (੬੦੫)

- ਹਰਿ ਰਸੁ ਪੀਵਹੁ ਪੁਰਖ ਗਿਆਨੀ॥ ਸੁਣਿ ਸੁਣਿ ਮਹਾ ਤ੍ਰਿਪਤਿ ਮਨੁ ਪਾਵੈ ਸਾਧੂ ਅੰਮ੍ਰਿਤ ਬਾਨੀ॥ (੬੧੧)

- ਹਰਿ ਅੰਮ੍ਰਿਤ ਨਾਮੁ ਭੋਜਨੁ ਨਿਤ ਭੁੰਚਹੁ ਸਰਬ ਵੇਲਾ ਮੁਖਿ ਪਾਵਹੁ॥
  ਜਰਾ ਮਰਾ ਤਾਪੁ ਸਭੁ ਨਾਠਾ ਗੁਣ ਗੋਬਿੰਦ ਨਿਤ ਗਾਵਹੁ॥ (੬੧੧)

- ਤਾ ਕਉ ਬਿਘਨੁ ਨ ਕੋਊ ਲਾਗੈ ਜੋ ਸਤਿਗੁਰਿ ਅਪੁਨੈ ਰਾਖੇ॥
  ਚਰਨ ਕਮਲ ਬਸੇ ਰਿਦ ਅੰਤਰਿ ਅੰਮ੍ਰਿਤ ਹਰਿ ਰਸੁ ਚਾਖੇ॥ (੬੧੬)

- ਅਉਖਧੁ ਨਾਮੁ ਨਿਰਮਲ ਜਲੁ ਅੰਮ੍ਰਿਤੁ ਪਾਈਐ ਗੁਰੂ ਦੁਆਰੀ॥
  ਕਹੁ ਨਾਨਕ ਜਿਸੁ ਮਸਤਕਿ ਲਿਖਿਆ ਤਿਸੁ ਗੁਰ ਮਿਲਿ ਰੋਗ ਬਿਦਾਰੀ॥ (੬੧੬)

- ਹਰਿ ਹਰਿ ਅੰਮ੍ਰਿਤੁ ਪੀ ਤ੍ਰਿਪਤਾਸੇ ਸਭ ਲਾਥੀ ਭੁਖ ਭੁਖਾਨੀ॥ (੬੬੭)

- ਰਾਮ ਨਾਮੁ ਸਭੁ ਹੈ ਰਾਮ ਨਾਮਾ ਰਸੁ ਗੁਰਮਤਿ ਰਸੁ ਰਸਕੇ॥
  ਹਰਿ ਅੰਮ੍ਰਿਤੁ ਹਰਿ ਜਲੁ ਪਾਇਆ ਸਭ ਲਾਥੀ ਤਿਸ ਤਿਸ ਕੇ॥ (੭੩੧)

- ਹਮ ਮੈਲੁ ਭਰੇ ਦੁਹਚਾਰੀਆ ਹਰਿ ਰਾਖਹੁ ਅੰਗੀ ਅੰਙੁ॥
  ਗੁਰਿ ਅੰਮ੍ਰਿਤ ਸਰਿ ਨਵਲਾਇਆ ਸਭਿ ਲਾਥੇ ਕਿਲਵਿਖ ਪੰਙੁ॥ (੭੩੨)

- ਅੰਮ੍ਰਿਤ ਨਾਮੁ ਰਸਨ ਨਿਤ ਜਾਪੈ॥ ਰੋਗ ਰੂਪ ਮਾਇਆ ਨ ਬਿਆਪੈ॥ (੭੬੦)

- ਅੰਮ੍ਰਿਤ ਗੁਣ ਸੰਤ ਬੋਲਤੇ ਸੁਣਿ ਮਨਹਿ ਪੀਲਾਵਉ॥
  ਉਆ ਰਸ ਮਹਿ ਸਾਂਤਿ ਤ੍ਰਿਪਤਿ ਹੋਇ ਬਿਖੈ ਜਲਨਿ ਬੁਝਾਵਉ॥ (੮੧੩)

- ਅਗਨਿ ਸਾਗਰ ਤੇ ਕਾਢਿਆ ਪ੍ਰਭਿ ਜਲਨਿ ਬੁਝਾਈ॥ ਅੰਮ੍ਰਿਤ ਨਾਮੁ ਜਲੁ ਸੰਚਿਆ ਗੁਰ ਭਏ ਸਹਾਈ॥ (੮੧੪)

- ਕਰੁ ਮਸਤਕਿ ਧਾਰਿ ਬਾਲਿਕੁ ਰਖਿ ਲੀਨੋ॥ ਪ੍ਰਭਿ ਅੰਮ੍ਰਿਤ ਨਾਮੁ ਮਹਾ ਰਸੁ ਦੀਨੋ॥ (੮੨੧)

- ਗੁਰਿ ਪੂਰੈ ਮੇਰੀ ਰਾਖਿ ਲਈ॥ ਅੰਮ੍ਰਿਤ ਨਾਮੁ ਰਿਦੇ ਮਹਿ ਦੀਨੋ ਜਨਮ ਜਨਮ ਕੀ ਮੈਲੁ ਗਈ॥ (੮੨੩)

- ਮਨਮੁਖ ਮਾਇਆ ਮੋਹਿ ਵਿਆਪੇ ਇਹੁ ਮਨੁ ਤ੍ਰਿਸਨਾ ਜਲਤ ਤਿਖਈਆ॥
  ਗੁਰਮਤਿ ਨਾਮੁ ਅੰਮ੍ਰਿਤ ਜਲੁ ਪਾਇਆ ਅਗਨਿ ਬੁਝੀ ਗੁਰ ਸਬਦਿ ਬੁਝਈਆ॥ (੮੩੪)

- ਦਰਿ ਜਾਇ ਦਰਸਨੁ ਕਰੀ ਭਾਣੈ ਤਾਰਿ ਤਾਰਣਹਾਰਿਆ॥

ਹਰਿ ਨਾਮੁ ਅੰਮ੍ਰਿਤੁ ਚਾਖਿ ਤ੍ਰਿਪਤੀ ਨਾਨਕਾ ਉਰ ਧਾਰਿਆ॥ (੮੪੩)

- ਗੁਰ ਕਾ ਸਬਦੁ ਅੰਮ੍ਰਿਤੁ ਹੈ ਸਭ ਤ੍ਰਿਸਨਾ ਭੁਖ ਗਵਾਏ॥
ਹਰਿ ਰਸੁ ਪੀ ਸੰਤੋਖੁ ਹੋਆ ਸਚੁ ਵਸਿਆ ਮਨਿ ਆਏ॥ (੮੫੦)

- ਅੰਦਰੁ ਸੀਤਲੁ ਸਾਂਤਿ ਹੈ ਹਿਰਦੈ ਸਦਾ ਸੁਖੁ ਹੋਇ॥
ਅੰਮ੍ਰਿਤੁ ਖਾਣਾ ਪੈਨ੍ਹਣਾ ਨਾਨਕ ਨਾਇ ਵਡਿਆਈ ਹੋਇ॥ (੮੫੧)

- ਕਾਮ ਕ੍ਰੋਧੁ ਬਿਕਰਾਲੁ ਦੂਤ ਸਭਿ ਹਾਰਿਆ॥ ਅੰਮ੍ਰਿਤ ਨਾਮੁ ਨਿਧਾਨੁ ਕੰਠਿ ਉਰਿ ਧਾਰਿਆ॥ (੮੫੪)

- ਐਸਾ ਰਸੁ ਅੰਮ੍ਰਿਤੁ ਮਨਿ ਚਾਖਿਆ ਤ੍ਰਿਪਤਿ ਰਹੇ ਆਘਾਈ॥
ਕਹੁ ਨਾਨਕ ਮੇਰੀ ਆਸਾ ਪੂਰੀ ਸਤਿਗੁਰ ਕੀ ਸਰਣਾਈ॥ (੮੮੩)

- ਭਉ ਭਾਗਾ ਨਿਰਭਉ ਮਨਿ ਬਸੈ॥ ਅੰਮ੍ਰਿਤ ਨਾਮੁ ਰਸਨਾ ਨਿਤ ਜਪੈ॥ (੮੯੩)

- ਸਬਦਿ ਰਤੇ ਅੰਮ੍ਰਿਤ ਰਸੁ ਪਾਇਆ ਸਾਚੇ ਰਹੇ ਅਘਾਈ॥ (੯੪੫)

- ਤ੍ਰਪਤਿ ਬੁਝਾਨੀ ਅੰਮ੍ਰਿਤ ਬਾਨੀ ਤ੍ਰਿਪਤੇ ਜਿਉ ਬਾਰਿਕ ਖੀਰ॥ (੯੭੮)

- ਰਾਮ ਹਰਿ ਅੰਮ੍ਰਿਤ ਸਰਿ ਨਾਵਾਰੇ॥
ਸਤਿਗੁਰਿ ਗਿਆਨੁ ਮਜਨੁ ਹੈ ਨੀਕੋ ਮਿਲਿ ਕਲਮਲ ਪਾਪ ਉਤਾਰੇ॥ (੯੮੧)

- ਵਡਭਾਗੀ ਗੁਰ ਦਰਸਨੁ ਪਾਇਆ ਗੁਰਿ ਮਿਲਿਐ ਹਰਿ ਪ੍ਰਭੁ ਜਾਤਾ॥
ਦੁਰਮਤਿ ਮੈਲੁ ਗਈ ਸਭੁ ਨੀਕਰਿ ਹਰਿ ਅੰਮ੍ਰਿਤਿ ਹਰਿ ਸਰਿ ਨਾਤਾ॥ (੯੮੪)

- ਸਤਿਗੁਰੁ ਦਾਤਾ ਮੁਕਤਿ ਕਰਾਏ॥ ਸਭਿ ਰੋਗ ਗਵਾਏ ਅੰਮ੍ਰਿਤ ਰਸੁ ਪਾਏ॥ (੧੦੨੮)

- ਅੰਮ੍ਰਿਤ ਰਸੁ ਪਾਏ ਤ੍ਰਿਸਨਾ ਭਉ ਜਾਏ॥ ਅਨਭਉ ਪਦੁ ਪਾਵੈ ਆਪੁ ਗਵਾਏ॥
ਊਚੀ ਪਦਵੀ ਊਚੋ ਊਚਾ ਨਿਰਮਲ ਸਬਦੁ ਕਮਾਇਆ॥ (੧੦੪੧)

- ਦੇਹੀ ਅੰਦਰਿ ਵਸਤੁ ਅਪਾਰਾ॥ ਆਪੇ ਕਪਟ ਖੁਲਾਵਣਹਾਰਾ॥
ਗੁਰਮੁਖਿ ਸਹਜੇ ਅੰਮ੍ਰਿਤੁ ਪੀਵੈ ਤ੍ਰਿਸਨਾ ਅਗਨਿ ਬੁਝਾਹਾ ਹੇ॥ (੧੦੫੬)

- ਅੰਦਰੁ ਅੰਮ੍ਰਿਤਿ ਭਰਪੂਰੁ ਹੈ ਚਾਖਿਆ ਸਾਦੁ ਜਾਪੈ॥
ਜਿਨ ਚਾਖਿਆ ਸੇ ਨਿਰਭਉ ਭਏ ਸੇ ਹਰਿ ਰਸਿ ਧ੍ਰਾਪੈ॥ (੧੦੯੨)

- ਸਦਾ ਅਨੰਦੁ ਰਾਮ ਰਸਿ ਰਾਤੇ॥
ਹਿਰਦੈ ਨਾਮੁ ਦੁਬਿਧਾ ਮਨਿ ਭਾਗੀ ਹਰਿ ਹਰਿ ਅੰਮ੍ਰਿਤੁ ਪੀ ਤ੍ਰਿਪਤਾਤੇ॥ (੧੧੩੧)

- ਗੁਰ ਸਾਧੂ ਅੰਮ੍ਰਿਤ ਗਿਆਨ ਸਰਿ ਨਾਇਣੁ॥ ਸਭਿ ਕਿਲਵਿਖ ਪਾਪ ਗਏ ਗਾਵਾਇਣੁ॥ (੧੧੩੪)

- ਜਾ ਕੀ ਦ੍ਰਿਸਟਿ ਦੁਖ ਡੇਰਾ ਢਹੈ॥ ਅੰਮ੍ਰਿਤ ਨਾਮੁ ਸੀਤਲੁ ਮਨਿ ਗਹੈ॥ (੧੧੪੨)

- ਅੰਮ੍ਰਿਤ ਨਾਮੁ ਸੁਆਮੀ ਤੇਰਾ ਜੋ ਪੀਵੈ ਤਿਸ ਹੀ ਤ੍ਰਿਪਤਾਸ॥
ਜਨਮ ਜਨਮ ਕੇ ਕਿਲਬਿਖ ਨਾਸਹਿ ਆਗੈ ਦਰਗਹ ਹੋਇ ਖਲਾਸ॥ (੧੨੦੮)

- ਅੰਮ੍ਰਿਤ ਨਾਮੁ ਪੀਆ ਮਨੁ ਤ੍ਰਿਪਤਿਆ ਆਘਾਏ ਰਸਨ ਚਖਾ॥
ਕਹੁ ਨਾਨਕ ਸੁਖ ਸਹਜੁ ਮੈ ਪਾਇਆ ਗੁਰਿ ਲਾਹੀ ਸਗਲ ਤਿਖਾ॥ (੧੨੧੨)

- ਗੁਰਮੁਖਿ ਅੰਮ੍ਰਿਤੁ ਨਾਮੁ ਹੈ ਜਿਤੁ ਖਾਧੈ ਸਭ ਭੁਖ ਜਾਇ॥
ਤ੍ਰਿਸਨਾ ਮੂਲਿ ਨ ਹੋਵਈ ਨਾਮੁ ਵਸੈ ਮਨਿ ਆਇ॥ (੧੨੫੦)

- ਗੁਰਮੁਖਿ ਧਿਆਵਹਿ ਸਿ ਅੰਮ੍ਰਿਤੁ ਪਾਵਹਿ ਸੇਈ ਸੂਚੇ ਹੋਹੀ॥
ਅਹਿਨਿਸਿ ਨਾਮੁ ਜਪਹੁ ਰੇ ਪ੍ਰਾਣੀ ਮੈਲੇ ਹਛੇ ਹੋਹੀ॥ (੧੨੫੪)

- ਅੰਮ੍ਰਿਤੁ ਹਰਿ ਕਾ ਨਾਮੁ ਹੈ ਜਿਤੁ ਪੀਤੈ ਤ੍ਰਿਖ ਜਾਇ॥
ਨਾਨਕ ਗੁਰਮੁਖਿ ਜਿਨ੍ ਪੀਆ ਤਿਨ੍ ਬਹੁੜਿ ਨ ਲਾਗੀ ਆਇ॥ (੧੨੮੩)

- ਗੁਣ ਰਮੰਤ ਦੁਖ ਨਾਸਹਿ ਰਿਦ ਭਇਅੰਤ ਸਾਂਤਿ॥ ਅੰਮ੍ਰਿਤਾ ਰਸੁ ਪੀਉ ਰਸਨਾ ਨਾਨਕ ਹਰਿ ਰੰਗਿ ਰਾਤ॥ (੧੩੦੧)

- ਹਰਿ ਹਰਿ ਨਾਮੁ ਅੰਮ੍ਰਿਤੁ ਹੈ ਹਰਿ ਜਪੀਐ ਸਤਿਗੁਰ ਭਾਇ॥
ਹਰਿ ਹਰਿ ਨਾਮੁ ਪਵਿਤੁ ਹੈ ਹਰਿ ਜਪਤ ਸੁਨਤ ਦੁਖੁ ਜਾਇ॥ (੧੩੧੬)

- ਗੁਰ ਕਾ ਸਬਦੁ ਮਹਾ ਰਸੁ ਮੀਠਾ॥ ਐਸਾ ਅੰਮ੍ਰਿਤੁ ਅੰਤਰਿ ਡੀਠਾ॥ (੧੩੩੧)

- ਮੁਖਿ ਮੀਠੀ ਖਾਈ ਕਉਰਾਇ॥ ਅੰਮ੍ਰਿਤ ਨਾਮਿ ਮਨੁ ਰਹਿਆ ਅਘਾਇ॥ (੧੩੪੭)

- ਤਿਨ ਕੇ ਦੁਖ ਕੋਟਿਕ ਦੂਰਿ ਗਏ ਮਥੁਰਾ ਜਿਨ੍ ਅੰਮ੍ਰਿਤ ਨਾਮੁ ਪੀਅਉ॥ (੧੪੦੯)

- ਆਪੁ ਪਛਾਣਹਿ ਪ੍ਰੀਤਮੁ ਮਿਲੈ ਵੁਠਾ ਛਹਬਰ ਲਾਇ॥
ਝਿਮਿ ਝਿਮਿ ਅੰਮ੍ਰਿਤੁ ਵਰਸਦਾ ਤ੍ਰਿਸਨਾ ਭੁਖ ਸਭ ਜਾਇ॥ (੧੪੨੦)

(੪) ਸਮੂਹ ਦੁੱਖਾਂ ਦੀ ਜੜ੍ਹ (ਮਾਂ) ਹਉਮੈ ਦਾ ਨਾਸੁ

- ਗੁਰ ਕੇ ਭਾਣੇ ਵਿਚਿ ਅੰਮ੍ਰਿਤੁ ਹੈ ਸਹਜੇ ਪਾਵੈ ਕੋਇ॥ ਜਿਨਾ ਪਰਾਪਤਿ ਤਿਨ ਪੀਆ ਹਉਮੈ ਵਿਚਹੁ ਖੋਇ॥ (੩੧)

- ਅੰਮ੍ਰਿਤ ਨਾਮੁ ਮੰਨਿ ਵਸਾਏ॥ ਹਉਮੈ ਮੇਰਾ ਸਭੁ ਦੁਖੁ ਗਵਾਏ॥ (੧੧੮)

- ਨਿਰਮਲ ਅੰਮ੍ਰਿਤੁ ਗੁਰ ਤੇ ਪਾਇਆ॥ ਵਿਚਹੁ ਆਪੁ ਮੁਆ ਤਿਥੈ ਮੋਹੁ ਨ ਮਾਇਆ॥ (੧੨੧)

- ਹਉਮੈ ਮੈਲੁ ਬਿਖੁ ਉਤਰੈ ਹਰਿ ਅੰਮ੍ਰਿਤੁ ਹਰਿ ਉਰ ਧਾਰਿ॥ (੩੦੦)

- ਹਉਮੈ ਮੈਲੁ ਸਭ ਉਤਰੀ ਮੇਰੀ ਜਿੰਦੁੜੀਏ ਹਰਿ ਅੰਮ੍ਰਿਤਿ ਹਰਿ ਸਰਿ ਨਾਤੇ ਰਾਮ॥ (੫੩੯)

- ਹਉਮੈ ਮਾਇਆ ਬਿਖੁ ਹੈ ਮੇਰੀ ਜਿੰਦੁੜੀਏ ਹਰਿ ਅੰਮ੍ਰਿਤਿ ਬਿਖੁ ਲਹਿ ਜਾਏ ਰਾਮ॥ (੫੩੮)

- ਸਭਨਾ ਵਿਚਿ ਵਰਤੈ ਇਕੁ ਸੋਈ॥ ਗੁਰ ਪਰਸਾਦੀ ਪਰਗਟੁ ਹੋਈ॥
  ਹਉਮੈ ਮਾਰਿ ਸਦਾ ਸੁਖੁ ਪਾਇਆ ਨਾਇ ਸਾਚੈ ਅੰਮ੍ਰਿਤੁ ਪੀਜੈ ਹੇ॥ (੧੦੪੯)

- ਅੰਮ੍ਰਿਤ ਬਾਣੀ ਸਬਦਿ ਪਛਾਣੀ ਦੁਖ ਕਾਟੈ ਹਉ ਮਾਰਾ॥ (੧੧੫੩)

- ਗੁਰ ਸੇਵਾ ਤੇ ਅੰਮ੍ਰਿਤ ਫਲੁ ਪਾਇਆ ਹਉਮੈ ਤ੍ਰਿਸਨ ਬੁਝਾਈ॥ (੧੧੫੫)

- ਗੁਰਿ ਰਾਖੇ ਸੇ ਉਬਰੇ ਭਾਈ ਹਰਿ ਰਸੁ ਅੰਮ੍ਰਿਤੁ ਪੀਆਇ॥
  ਵਿਚਹੁ ਹਉਮੈ ਦੁਖੁ ਉਠਿ ਗਇਆ ਭਾਈ ਸੁਖੁ ਵੁਠਾ ਮਨਿ ਆਇ॥ (੧੧੭੭)

- ਜਨ ਜਪਿਓ ਨਾਮੁ ਨਿਰੰਜਨੁ ਨਰਹਰਿ ਉਪਦੇਸਿ ਗੁਰੂ ਹਰਿ ਪ੍ਰੀਧੇ॥
  ਜਨਮ ਜਨਮ ਕੀ ਹਉਮੈ ਮਲੁ ਨਿਕਸੀ ਹਰਿ ਅੰਮ੍ਰਿਤਿ ਹਰਿ ਜਲਿ ਨੀਧੇ॥ (੧੧੭੯)

- ਗੁਰਮੁਖਿ ਜਿਨ੍ੀ ਬੁਝਿਆ ਹਰਿ ਅੰਮ੍ਰਿਤੁ ਰਖਿਆ ਉਰਿ ਧਾਰਿ॥
  ਹਰਿ ਅੰਮ੍ਰਿਤੁ ਪੀਵਹਿ ਸਦਾ ਰੰਗਿ ਰਾਤੇ ਹਉਮੈ ਤ੍ਰਿਸਨਾ ਮਾਰਿ॥ (੧੨੮੧)

- ਸੁਖਦਾਤਾ ਤੇਰੈ ਮਨਿ ਵਸੈ ਹਉਮੈ ਜਾਇ ਅਭਿਮਾਨੁ॥ ਨਾਨਕ ਨਦਰੀ ਪਾਈਐ ਅੰਮ੍ਰਿਤੁ ਗੁਣੀ ਨਿਧਾਨੁ॥ (੮੫੧)

(੫) ਮਹਾਂ ਸੁਖ ਅਥਵਾ ਅਨੰਦ ਦੀ ਪ੍ਰਾਪਤੀ

- ਮਨ ਮੇਰੇ ਸਤਿਗੁਰ ਕੈ ਭਾਣੈ ਚਲੁ॥ ਨਿਜ ਘਰਿ ਵਸਹਿ ਅੰਮ੍ਰਿਤੁ ਪੀਵਹਿ ਤਾ ਸੁਖ ਲਹਹਿ ਮਹਲੁ॥ (੩੭)

- ਰਤਨ ਜਵੇਹਰ ਮਾਣਿਕਾ ਅੰਮ੍ਰਿਤੁ ਹਰਿ ਕਾ ਨਾਉ॥ ਸੁਖ ਸਹਜ ਆਨੰਦ ਰਸ ਜਨ ਨਾਨਕ ਹਰਿ ਗੁਣ ਗਾਉ॥ (੪੮)

- ਹਰਿ ਪੀ ਆਘਾਨੇ ਅੰਮ੍ਰਿਤ ਬਾਨੇ ਸ੍ਰਬ ਸੁਖਾ ਮਨ ਵੁਠੇ॥ ਸ੍ਰੀਧਰ ਪਾਏ ਮੰਗਲ ਗਾਏ ਇਛ ਪੁੰਨੀ ਸਤਿਗੁਰ ਤੁਠੇ॥(੮੦)

- ਗੁਣ ਨਿਧਾਨ ਅੰਮ੍ਰਿਤੁ ਹਰਿ ਨਾਮਾ ਹਰਿ ਧਿਆਇ ਧਿਆਇ ਸੁਖ ਪਾਇਆ ਜੀਉ॥ (੧੦੩)

- ਅੰਮ੍ਰਿਤ ਨਾਮੁ ਸਦਾ ਸੁਖਦਾਤਾ ਗੁਰਮਤੀ ਮੰਨਿ ਵਸਾਵਣਿਆ॥ (੧੦੯)

- ਨਾਨਕ ਅੰਮ੍ਰਿਤ ਨਾਮੁ ਸਦਾ ਸੁਖਦਾਤਾ ਪੀ ਅੰਮ੍ਰਿਤੁ ਸਭ ਭੁਖ ਲਹਿ ਜਾਵਣਿਆ॥ (੧੧੯)

- ਸਤਿਗੁਰੁ ਸੇਵੇ ਚੂਕੈ ਜੰਜਾਲਾ॥ ਅੰਮ੍ਰਿਤ ਨਾਮੁ ਸਦਾ ਸੁਖੁ ਨਾਲਾ॥ (੨੨੨)

- ਹਰਿ ਹਰਿ ਅੰਮ੍ਰਿਤੁ ਗੁਰਮੁਖਿ ਪੀਆ ਨਾਨਕ ਸੁਖਿ ਨਿਵਾਸ॥ (੨੫੯)

- ਓਥੈ ਅੰਮ੍ਰਿਤੁ ਵੰਡੀਐ ਸੁਖੀਆ ਹਰਿ ਕਰਣੇ॥ (੩੨੦)

- ਅੰਮ੍ਰਿਤੁ ਨਾਮੁ ਤੁਮਾਰਾ ਪਿਆਰੇ ਸਾਧਸੰਗਿ ਰਸੁ ਪਾਇਆ॥
  ਤ੍ਰਿਪਤਿ ਅਘਾਇ ਸੇਈ ਜਨ ਪੂਰੇ ਸੁਖ ਨਿਧਾਨੁ ਹਰਿ ਗਾਇਆ॥ (੩੮੦)

- ਗੁਰ ਸੇਵਾ ਤੇ ਆਪੁ ਪਛਾਤਾ॥ ਅੰਮ੍ਰਿਤ ਨਾਮੁ ਵਸਿਆ ਸੁਖਦਾਤਾ॥ (੪੧੫)

- ਅੰਮ੍ਰਿਤੁ ਪੀਵਹੁ ਸਦਾ ਚਿਰੁ ਜੀਵਹੁ ਹਰਿ ਸਿਮਰਤ ਅਨਦ ਅਨੰਤਾ॥ (੪੯੬)

- ਸੋ ਪ੍ਰਭੁ ਜਤ ਕਤ ਪੇਖਿਓ ਨੈਣੀ॥ ਸੁਖਦਾਈ ਜੀਅਨ ਕੋ ਦਾਤਾ ਅੰਮ੍ਰਿਤੁ ਜਾ ਕੀ ਬੈਣੀ॥ (੫੩੦)

- ਅੰਮ੍ਰਿਤ ਨਾਮੁ ਗੁਰੂ ਵਡ ਦਾਣਾ ਨਾਮੁ ਜਪਹੁ ਸੁਖ ਸਾਰਾ ਹੇ॥ (੧੦੨੯)

- ਅੰਮ੍ਰਿਤ ਨਾਮੁ ਤੁਮਾਰਾ ਸੁਆਮੀ॥ ਨਾਨਕ ਦਾਸ ਸਦਾ ਕੁਰਬਾਨੀ॥
  ਸੰਤਸੰਗਿ ਮਹਾ ਸੁਖ ਪਾਇਆ ਦੇਖਿ ਦਰਸਨੁ ਇਹੁ ਮਨੁ ਭੀਜਾ ਹੇ॥ (੧੦੭੪)

- ਸੁਖ ਮੰਗਲ ਆਨੰਦ ਹਰਿ ਹਰਿ ਪ੍ਰਭ ਚਰਨ ਅੰਮ੍ਰਿਤ ਸਾਰੁ॥ (੧੧੨੧)

- ਇਤੁ ਮਨਿ ਮਉਲਿਐ ਭਇਆ ਅਨੰਦੁ॥ ਅੰਮ੍ਰਿਤ ਫਲੁ ਪਾਇਆ ਨਾਮੁ ਗੋਬਿੰਦ॥ (੧੧੭੬)

- ਵਣੁ ਤ੍ਰਿਣੁ ਤ੍ਰਿਭਵਣੁ ਮਉਲਿਆ ਅੰਮ੍ਰਿਤ ਫਲੁ ਪਾਈ॥ ਮਿਲਿ ਸਾਧੂ ਸੁਖੁ ਉਪਜੈ ਲਥੀ ਸਭ ਛਾਈ॥ (੧੧੯੩)

- ਅੰਮ੍ਰਿਤ ਨਾਮੁ ਸਦਾ ਸੁਖਦਾਤਾ ਅੰਤੇ ਹੋਇ ਸਖਾਈ॥ ਬਾਝੁ ਗੁਰੂ ਜਗਤੁ ਬਉਰਾਨਾ ਨਾਵੈ ਸਾਰ ਨ ਪਾਈ॥ (੧੨੮੭)

- ਅੰਮ੍ਰਿਤੁ ਹਰਿ ਕੋ ਨਾਮੁ ਲੈਤ ਮਨਿ ਸਭ ਸੁਖੁ ਪਾਏ॥ (੧੩੮੬)

- ਗੁਰਮੁਖਿ ਅੰਤਰਿ ਸਹਜੁ ਹੈ ਮਨੁ ਚੜਿਆ ਦਸਵੈ ਆਕਾਸਿ॥
ਤਿਥੈ ਊਂਘ ਨ ਭੁਖ ਹੈ ਹਰਿ ਅੰਮ੍ਰਿਤ ਨਾਮੁ ਸੁਖ ਵਾਸੁ॥ (੧੪੧੪)

(੬) ਨਾਮ ਨਾਮੀ ਦਾ ਹਿਰਦੇ ਮਨ ਵਿਖੇ ਨਿਵਾਸ
- ਗੁਰਮੁਖਿ ਸਬਦੁ ਪਛਾਣੀਐ ਹਰਿ ਅੰਮ੍ਰਿਤ ਨਾਮਿ ਸਮਾਇ॥ (੨੯)

- ਅੰਮ੍ਰਿਤੁ ਸਾਚਾ ਨਾਮੁ ਹੈ ਕਹਣਾ ਕਛੂ ਨ ਜਾਇ॥ ਪੀਵਤ ਹੂ ਪਰਵਾਣੁ ਭਇਆ ਪੂਰੈ ਸਬਦਿ ਸਮਾਇ॥ (੩੩)

- ਆਪਿ ਦਇਆ ਕਰਿ ਦੇਵਸੀ ਗੁਰਮੁਖਿ ਅੰਮ੍ਰਿਤੁ ਚੋਇ॥
ਸਭੁ ਤਨੁ ਮਨੁ ਹਰਿਆ ਹੋਇਆ ਨਾਨਕ ਹਰਿ ਵਸਿਆ ਮਨਿ ਸੋਇ॥ (੪੧)

- ਹਰਿ ਅੰਮ੍ਰਿਤੁ ਵੁਠੜਾ ਮਿਲਿਆ ਹਰਿ ਰਾਇਆ ਜੀਉ॥ (੧੭੩)

- ਹਿਰਦੈ ਸੁਣਿ ਸੁਣਿ ਮਨਿ ਅੰਮ੍ਰਿਤੁ ਭਾਇਆ॥ ਗੁਰਬਾਣੀ ਹਰਿ ਅਲਖੁ ਲਖਾਇਆ॥ (੩੬੬)

- ਅੰਤਰੁ ਨਿਰਮਲੁ ਅੰਮ੍ਰਿਤ ਸਰਿ ਨਾਏ॥ ਸਦਾ ਸੂਚੇ ਸਾਚਿ ਸਮਾਏ॥ (੩੬੩)

- ਪਾਇਆ ਅੰਮ੍ਰਿਤੁ ਗੁਰਿ ਕ੍ਰਿਪਾ ਕੀਨੀ ਸਚਾ ਮਨਿ ਵਸਾਇਆ॥ (੯੧੮)

- ਬਰਸੈ ਅੰਮ੍ਰਿਤ ਧਾਰ ਬੂੰਦ ਸੁਹਾਵਣੀ॥ ਸਾਜਨ ਮਿਲੇ ਸਹਜਿ ਸੁਭਾਇ ਹਰਿ ਸਿਉ ਪ੍ਰੀਤਿ ਬਣੀ॥ (੧੧੦੭)

- ਸਾਚੁ ਨਾਮੁ ਅੰਮ੍ਰਿਤੁ ਗੁਰਿ ਦੀਆ ਹਰਿ ਚਰਨੀ ਲਿਵ ਲਾਗੇ॥ (੧੧੧੧)

- ਹਰਖ ਸੋਗ ਤੇ ਰਹਹਿ ਨਿਰਾਸਾ॥ ਅੰਮ੍ਰਿਤੁ ਚਾਖਿ ਹਰਿ ਨਾਮਿ ਨਿਵਾਸਾ॥ (੧੧੮੯)

(੭) ਸੱਚਾ ਸੰਤੋਖ, ਅਸਲੀ ਖਿਮਾ ਤੇ ਗੁਰਮਤਿ ਨਾਮ ਗਰੀਬੀ ਦੀ ਪ੍ਰਾਪਤੀ
- ਮਿਟਿ ਗਏ ਬੈਰ ਭਏ ਸਭ ਰੇਨ॥ ਅੰਮ੍ਰਿਤ ਨਾਮੁ ਸਾਧਸੰਗਿ ਲੈਨ॥ (੨੯੫)

- ਅੰਮ੍ਰਿਤੁ ਸਾਚਾ ਨਾਉ ਓਥੈ ਜਾਪੀਐ॥ਮਨ ਕਉ ਹੋਇ ਸੰਤੋਖੁ ਭੁਖਾ ਧ੍ਰਾਪੀਐ॥ (੫੧੯)

- ਭਿਖਿਆ ਨਾਮਿ ਰਜੇ ਸੰਤੋਖੀ ਅੰਮ੍ਰਿਤੁ ਸਹਜਿ ਪੀਆਈ॥ (੬੩੪)

- ਖੋਜਤ ਖੋਜਤ ਅੰਮ੍ਰਿਤੁ ਪੀਆ॥ ਖਿਮਾ ਗਹੀ ਮਨੁ ਸਤਗੁਰਿ ਦੀਆ॥ (੯੩੨)

- ਅੰਮ੍ਰਿਤੁ ਵਰਸੈ ਮਨੁ ਸੰਤੋਖੀਐ ਸਚਿ ਰਹੈ ਲਿਵ ਲਾਇ॥ (੧੨੭੬)

- ਖਿਮਾ ਗਹੀ ਸਚੁ ਸੰਚਿਓ ਖਾਇਓ ਅੰਮ੍ਰਿਤੁ ਨਾਮ॥ (੨੬੧)

(੮) ਨਰਕਾਂ ਤੋਂ ਛੁਟਕਾਰਾ

- ਨਰਕ ਨਿਵਾਰਿ ਉਧਾਰਹੁ ਜੀਉ॥ ਗੁਨ ਗੋਬਿੰਦ ਅੰਮ੍ਰਿਤ ਰਸੁ ਪੀਉ॥ (੨੯੫)

- ਮਿਹਰ ਕਰੇ ਤਾ ਖਸਮੁ ਧਿਆਈ॥ ਸੰਤਾ ਸੰਗਤਿ ਨਰਕਿ ਨ ਪਾਈ॥
  ਅੰਮ੍ਰਿਤ ਨਾਮ ਦਾਨੁ ਨਾਨਕ ਕਉ ਗੁਣ ਗੀਤਾ ਨਿਤ ਵਖਾਣੀਆ॥ (੧੦੨੦)

(੯) ਸਗਲ ਫਲਾਂ ਦੀ ਪ੍ਰਾਪਤੀ ਤੇ ਸਮੂਹ ਕਾਰਜਾਂ ਦੀ ਸਿਧੀ

- ਅੰਮ੍ਰਿਤ ਜਲੁ ਛਾਇਆ ਪੂਰਨ ਸਾਜੁ ਕਰਾਇਆ ਸਗਲ ਮਨੋਰਥ ਪੂਰੇ॥
  ਜੈ ਜੈ ਕਾਰੁ ਭਇਆ ਜਗ ਅੰਤਰਿ ਲਾਥੇ ਸਗਲ ਵਿਸੂਰੇ॥ (੭੯੩)

- ਜਿਸੁ ਪ੍ਰੀਤਿ ਲਾਗੀ ਨਾਮ ਸੇਤੀ ਮਨੁ ਤਨੁ ਅੰਮ੍ਰਿਤ ਭੀਜੈ॥ ਬਿਨਵੰਤਿ ਨਾਨਕ ਇਛ ਪੁੰਨੀ ਪੇਖਿ ਦਰਸਨੁ ਜੀਜੈ॥(੭੯੪)

- ਜਪਿ ਜਪਿ ਅੰਮ੍ਰਿਤ ਨਾਮੁ ਅਘਾਏ॥ ਸੰਤ ਪ੍ਰਸਾਦਿ ਸਗਲ ਫਲ ਪਾਏ॥ (੮੬੫)

(੧੦) ਮਨ ਦੀ ਨਿਰਮਲਤਾ ਅਤੇ ਅਸਥਿਰਤਾ ਰਾਹੀਂ ਅਚਰਜ ਸੁਆਦ ਅਥਵਾ ਵਿਸਮਾਦ ਦਸ਼ਾ ਦੀ ਪ੍ਰਾਪਤੀ ਰਾਹੀਂ ਅੰਮ੍ਰਿਤੁ ਨਾਮੁ ਅਤੇ ਨਾਮੀ ਦੇ ਨਿਜ ਸਰੂਪ ਵਿਚ ਸਮਾਈ

- ਮੇਰੇ ਰਾਮ ਐਸਾ ਖੀਰੁ ਬਿਲੋਈਐ॥
  ਗੁਰਮਤਿ ਮਨੂਆ ਅਸਥਿਰੁ ਰਾਖਹੁ ਇਨ ਬਿਧਿ ਅੰਮ੍ਰਿਤੁ ਪੀਓਈਐ॥ (੩੩੨)

- ਚਲਤਉ ਮਨੁ ਰਾਖੈ ਅੰਮ੍ਰਿਤੁ ਚਾਖੈ॥ ਸਤਿਗੁਰ ਸੇਵਿ ਅੰਮ੍ਰਿਤ ਸਬਦੁ ਭਾਖੈ॥ (੩੫੨)

- ਮਹਾ ਉਦਿਆਨ ਪਾਵਕ ਸਾਗਰ ਭਏ ਹਰਖ ਸੋਗ ਮਹਿ ਬਸਨਾ॥
  ਸਤਿਗੁਰੁ ਭੇਟਿ ਭਇਆ ਮਨੁ ਨਿਰਮਲੁ ਜਪਿ ਅੰਮ੍ਰਿਤੁ ਹਰਿ ਰਸਨਾ॥ (੩੮੩)

- ਅੰਮ੍ਰਿਤ ਨਾਮੁ ਪਰਮੇਸਰੁ ਤੇਰਾ ਜੋ ਸਿਮਰੈ ਸੋ ਜੀਵੈ॥
  ਜਿਸ ਨੋ ਕਰਮਿ ਪਰਾਪਤਿ ਹੋਵੈ ਸੋ ਜਨੁ ਨਿਰਮਲੁ ਥੀਵੈ॥ (੬੧੬)

- ਅੰਮ੍ਰਿਤ ਨਾਮੁ ਭੁੰਚੁ ਮਨ ਮਾਹੀ॥ ਅਚਰਜ ਸਾਦ ਤਾ ਕੇ ਬਰਨੇ ਨ ਜਾਹੀ॥ (੭੪੨)

- ਗੁਰ ਕਾ ਸਬਦੁ ਅੰਮ੍ਰਿਤ ਰਸੁ ਪੀਉ॥ ਤਾ ਤੇਰਾ ਹੋਇ ਨਿਰਮਲ ਜੀਉ॥ (੮੯੧)

- ਬਿਸਮ ਭਈ ਪੇਖਿ ਬਿਸਮਾਦੀ ਪੂਰਿ ਰਹੇ ਕਿਰਪਾਵਤ॥

ਪੀਓ ਅੰਮ੍ਰਿਤ ਨਾਮੁ ਅਮੋਲਕ ਜਿਉ ਚਾਖਿ ਗੂੰਗਾ ਮੁਸਕਾਵਤ॥ (੧੨੦੫)

- ਕਚਹੁ ਕੰਚਨੁ ਭਇਅਉ ਸਬਦੁ ਗੁਰ ਸ੍ਰਵਣਹਿ ਸੁਣਿਓ॥
ਬਿਖੁ ਤੇ ਅੰਮ੍ਰਿਤੁ ਹੁਯਉ ਨਾਮੁ ਸਤਿਗੁਰ ਮੁਖਿ ਭਣਿਅਉ॥ (੧੩੯੯)

- ਬਿਖੁ ਸੇ ਅੰਮ੍ਰਿਤੁ ਭਏ ਗੁਰਮਤਿ ਬੁਧਿ ਪਾਈ॥ ਅਕਹੁ ਪਰਮਲ ਭਏ ਅੰਤਰਿ ਵਾਸਨਾ ਵਸਾਈ॥ (੫੬੫)

(੯) ਪਾਰਬ੍ਰਹਮ ਸਰੂਪ ਸਤਿਗੁਰੂ ਵੱਲੋਂ ਗੁਪਤ ਨਾਮ ਪ੍ਰਗਾਝਨ ਸਮੇਂ ਤੋਂ ਹੀ ਨਾਮੁ ਅੰਮ੍ਰਿਤੁ ਦੀ ਵਰਖਾ ਹਰ ਸਮੇਂ ਇੱਕ ਰਸ ਪ੍ਰਗਟ ਪਾਹਾਰੇ ਵਰਸ ਰਹੀ ਹੈ ਜੋ ਰਹਿੰਦੀ ਦੁਨੀਆਂ ਤੱਕ ਇੱਕ ਟੱਕ ਵਰਸਦੀ ਰਹੇਗੀ । ਪ੍ਰੰਤੂ ਇਸ ਗੁਪਤ ਭੇਦ ਦੀ ਬੂਝ ਗੁਰਮੁਖਿ ਬਣਿਆ ਹੀ ਹੋ ਸਕਦੀ ਹੈ ।

- ਤੇਰੇ ਭਾਣੇ ਵਿਚਿ ਅੰਮ੍ਰਿਤੁ ਵਸੈ ਤੂੰ ਭਾਣੈ ਅੰਮ੍ਰਿਤੁ ਪੀਆਵਣਿਆ॥ (੧੧੯)

- ਅੰਮ੍ਰਿਤੁ ਸਚਾ ਵਰਸਦਾ ਗੁਰਮੁਖਾ ਮੁਖਿ ਪਾਇ॥ (੪੨੮)

- ਝਿਮਿ ਝਿਮੇ ਝਿਮਿ ਝਿਮਿ ਵਰਸੈ ਅੰਮ੍ਰਿਤ ਧਾਰਾ ਰਾਮ॥ (੪੪੨)

- ਬਰਸੈ ਅੰਮ੍ਰਿਤ ਧਾਰ ਬੂੰਦ ਸੁਹਾਵਣੀ॥ ਸਾਜਨ ਮਿਲੇ ਸਹਜਿ ਸੁਭਾਇ ਹਰਿ ਸਿਉ ਪ੍ਰੀਤਿ ਬਣੀ॥ (੧੧੦੭)

- ਬਹਦਿਆ ਉਠਦਿਆ ਨਿਤ ਧਿਆਈਐ ਸਦਾ ਸਦਾ ਸੁਖੁ ਹੋਇ॥
ਨਾਨਕ ਅੰਮ੍ਰਿਤੁ ਸਦ ਹੀ ਵਰਸਦਾ ਗੁਰਮੁਖਿ ਦੇਵੈ ਹਰਿ ਸੋਇ॥ (੧੨੮੧)

- ਅੰਮ੍ਰਿਤੁ ਸਦਾ ਵਰਸਦਾ ਬੂਝਨਿ ਬੂਝਣਹਾਰ॥
ਗੁਰਮੁਖਿ ਜਿਨ੍ਹੀ ਬੁਝਿਆ ਹਰਿ ਅੰਮ੍ਰਿਤੁ ਰਖਿਆ ਉਰਿ ਧਾਰਿ॥ (੧੨੮੧)

(੧੦) ਪ੍ਰਾਨੀ ਮਾਤ੍ਰ ਨੂੰ ਗੁਰਮਤਿ ਨਾਮ ਦੇ ਅਧਿਕਾਰੀ ਬਣ ਕੇ ਅਤੇ ਸਤਿਗੁਰੂ ਨੂੰ ਮਿਲ ਕੇ ਭਾਵ ਪੂਰੀ ਜੁਗਤਿ ਸਹਿਤ ਸਤਿਗੁਰੂ ਨੂੰ ਭੇਟ ਕੇ ਅਰਥਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਰਮ ਪਵਿਤ੍ਰ ਹਜੂਰੀ ਵਿਖੇ ਗੁਰ ਮਰਯਾਦਾ ਅਨੁਸਾਰ (ਜੋ ਸੀਨਾ ਬਸੀਨਾ ਗੁਪਤ ਚਲੀ ਆ ਰਹੀ ਹੈ) ਗੁਰੂ ਸਰੂਪ ਪੰਜਾਂ ਪਿਆਰਿਆਂ ਰਾਹੀਂ ਗੁਰ ਸਬਦ, ਗੁਰ ਮੰਤ੍ਰ ਪ੍ਰਾਪਤਿ ਕਰਕੇ ਅੰਮ੍ਰਿਤੁ ਨਾਮੁ ਸਦ ਭੁੰਚਣ ਲਈ ਸਤਿਗੁਰੂ ਦੇ ਪਿਆਰ ਭਰੇ ਤਾਕੀਦੀ ਹੁਕਮ

- ਅੰਮ੍ਰਿਤ ਨਾਮੁ ਸਦ ਭੁੰਚੀਐ ਗੁਰਮੁਖਿ ਕਾਰ ਕਮਾਇ॥ (੮੭)

- ਹਰਿ ਹਰਿ ਅੰਮ੍ਰਿਤੁ ਹਰਿ ਮਨਿ ਭਾਵੈ ਮਿਲਿ ਸਤਿਗੁਰ ਅੰਮ੍ਰਿਤੁ ਪੀਜੈ ਜੀਉ॥ (੯੫)

- ਅੰਮ੍ਰਿਤ ਰਸੁ ਸਚੁ ਅੰਮ੍ਰਿਤੁ ਬੋਲੀ ਗੁਰਿ ਪੂਰੈ ਅੰਮ੍ਰਿਤੁ ਲੀਚੈ ਜੀਉ॥ (੯੬)

- ਰੈਣਿ ਸੁਹਾਵੜੀ ਦਿਨਸੁ ਸੁਹੇਲਾ॥ ਜਪਿ ਅੰਮ੍ਰਿਤ ਨਾਮੁ ਸੰਤਸੰਗਿ ਮੇਲਾ॥ (੧੦੭)

- ਅੰਮ੍ਰਿਤ ਨਾਮੁ ਪੀਵਹੁ ਮੇਰੇ ਭਾਈ॥ ਸਿਮਰਿ ਸਿਮਰਿ ਸਭ ਤਪਤਿ ਬੁਝਾਈ॥ (੧੯੧)

- ਛੋਡਿ ਉਪਾਵ ਏਕ ਟੇਕ ਰਾਖੁ॥ ਮਹਾ ਪਦਾਰਥੁ ਅੰਮ੍ਰਿਤ ਰਸੁ ਚਾਖੁ॥ (੧੯੩)

- ਉਚਰਹੁ ਰਾਮ ਨਾਮੁ ਲਖ ਬਾਰੀ॥ ਅੰਮ੍ਰਿਤ ਰਸੁ ਪੀਵਹੁ ਪ੍ਰਭ ਪਿਆਰੀ॥ (੧੯੪)

- ਨਿਤਪ੍ਰਤਿ ਨਾਵਣੁ ਰਾਮ ਸਰਿ ਕੀਜੈ॥ ਝੋਲਿ ਮਹਾ ਰਸੁ ਹਰਿ ਅੰਮ੍ਰਿਤੁ ਪੀਜੈ॥ (੧੯੮)

- ਅਪੁਨੇ ਗੁਰ ਮਿਲਿ ਰਹੀਐ ਅੰਮ੍ਰਿਤੁ ਗਹੀਐ ਦੁਬਿਧਾ ਮਾਰਿ ਨਿਵਾਰੇ॥ (੨੪੪)

- ਬਾਰੰ ਬਾਰ ਬਾਰ ਪ੍ਰਭੁ ਜਪੀਐ॥ ਪੀ ਅੰਮ੍ਰਿਤੁ ਇਹੁ ਮਨੁ ਤਨੁ ਧ੍ਰਪੀਐ॥ (੨੮੬)

- ਅੰਮ੍ਰਿਤ ਬਚਨ ਹਰਿ ਕੇ ਗੁਨ ਗਾਉ॥ ਪ੍ਰਾਨ ਤਰਨ ਕਾ ਇਹੈ ਸੁਆਉ॥ (੨੯੩)

- ਨਰਕ ਨਿਵਾਰਿ ਉਧਾਰਹੁ ਜੀਉ॥ ਗੁਨ ਗੋਬਿੰਦ ਅੰਮ੍ਰਿਤ ਰਸੁ ਪੀਉ॥ (੨੯੫)

- ਹਰਿ ਅੰਮ੍ਰਿਤ ਪਾਨ ਕਰਹੁ ਸਾਧਸੰਗਿ॥ ਮਨ ਤ੍ਰਿਪਤਾਸੈ ਕੀਰਤਨ ਪ੍ਰਭ ਰੰਗਿ॥ (੨੯੯)

- ਅੰਮ੍ਰਿਤੁ ਨਾਮੁ ਨਿਧਾਨੁ ਹੈ ਮਿਲਿ ਪੀਵਹੁ ਭਾਈ॥ (੩੧੮)

- ਗੁਰਮੁਖਿ ਨਾਮੁ ਸੁਨਹੁ ਮੇਰੀ ਭੈਨਾ॥ ਏਕੋ ਰਵਿ ਰਹਿਆ ਘਟ ਅੰਤਰਿ ਮੁਖਿ ਬੋਲਹੁ ਗੁਰ ਅੰਮ੍ਰਿਤ ਬੈਨਾ॥ (੩੬੬)

- ਸ੍ਰਵਨ ਸੁਨੀਜੈ ਅੰਮ੍ਰਿਤ ਕਥਾ॥ ਜਾਸੁ ਸੁਨੀ ਮਨਿ ਹੋਇ ਅਨੰਦਾ ਦੂਖ ਰੋਗ ਮਨ ਸਗਲੇ ਲਥਾ॥ (੩੮੬)

- ਆਵਹੁ ਮੀਤ ਇਕਤ੍ਰ ਹੋਇ ਰਸ ਕਸ ਸਭਿ ਭੁੰਚਹ॥ ਅੰਮ੍ਰਿਤ ਨਾਮੁ ਹਰਿ ਹਰਿ ਜਪਹ ਮਿਲਿ ਪਾਪਾ ਮੁੰਚਹ॥ (੩੯੯)

- ਅੰਮ੍ਰਿਤੁ ਪੀਵਹੁ ਸਦਾ ਚਿਰੁ ਜੀਵਹੁ ਹਰਿ ਸਿਮਰਤ ਅਨਦ ਅਨੰਤਾ॥ (੪੯੬)

- ਸਤਿਗੁਰੁ ਪੁਰਖੁ ਮਨਾਵਹੁ ਅਪੁਨਾ ਹਰਿ ਅੰਮ੍ਰਿਤੁ ਪੀ ਝੋਲੀਐ॥ (੫੨੭)

- ਹਰਿ ਕਾ ਨਾਮੁ ਅੰਮ੍ਰਿਤੁ ਹੈ ਦਾਰੂ ਏਹੁ ਲਾਏਹੁ॥ (੫੫੪)

- ਅੰਮ੍ਰਿਤੁ ਭੋਜਨੁ ਨਾਮੁ ਹਰਿ ਰਜਿ ਰਜਿ ਜਨ ਖਾਹੁ॥ ਸਭਿ ਪਦਾਰਥ ਪਾਈਅਨਿ ਸਿਮਰਣੁ ਸਚੁ ਲਾਹੁ॥ (੫੫੬)

- ਹਰਿ ਰਸੁ ਪੀਵਹੁ ਪੁਰਖ ਗਿਆਨੀ॥ ਸੁਣਿ ਸੁਣਿ ਮਹਾ ਤ੍ਰਿਪਤਿ ਮਨੁ ਪਾਵੈ ਸਾਧੂ ਅੰਮ੍ਰਿਤ ਬਾਨੀ॥ (੬੧੧)

- ਹਰਿ ਅੰਮ੍ਰਿਤ ਨਾਮੁ ਭੋਜਨੁ ਨਿਤ ਭੁੰਚਹੁ ਸਰਬ ਵੇਲਾ ਮੁਖਿ ਪਾਵਹੁ॥
  ਜਰਾ ਮਰਾ ਤਾਪੁ ਸਭੁ ਨਾਠਾ ਗੁਣ ਗੋਬਿੰਦ ਨਿਤ ਗਾਵਹੁ॥ (੬੧੧)

- ਅੰਮ੍ਰਿਤ ਨਾਮੁ ਭੁੰਚੁ ਮਨ ਮਾਹੀ॥ ਅਚਰਜ ਸਾਦ ਤਾ ਕੇ ਬਰਨੇ ਨ ਜਾਹੀ॥ (੭੪੨)

- ਸਤਿਗੁਰੁ ਸੇਵਿ ਸਫਲ ਹਰਿ ਦਰਸਨੁ ਮਿਲਿ ਅੰਮ੍ਰਿਤੁ ਹਰਿ ਰਸੁ ਪੀਅਹੁ॥
  ਹਰਿ ਹਰਿ ਨਾਮੁ ਅੰਮ੍ਰਿਤੁ ਹਰਿ ਮੀਠਾ ਹਰਿ ਸੰਤਹੁ ਚਾਖਿ ਦਿਖਹੁ॥ (੮੦੦)

- ਰਜਿ ਰਜਿ ਭੋਜਨੁ ਖਾਵਹੁ ਮੇਰੇ ਭਾਈ॥ ਅੰਮ੍ਰਿਤ ਨਾਮੁ ਰਿਦ ਮਾਹਿ ਧਿਆਈ॥ (੮੦੭)

- ਗੁਰ ਕਾ ਸਬਦੁ ਅੰਮ੍ਰਿਤ ਰਸੁ ਪੀਉ॥ ਤਾ ਤੇਰਾ ਹੋਇ ਨਿਰਮਲ ਜੀਉ॥ (੮੯੧)

- ਪੀ ਅੰਮ੍ਰਿਤੁ ਸੰਤਨ ਪਰਸਾਦਿ॥ (੮੯੨)

- ਅੰਮ੍ਰਿਤੁ ਪੀਵਹੁ ਸਾਧ ਪਿਆਰੇ॥ ਮੁਖ ਊਜਲ ਸਾਚੈ ਦਰਬਾਰੇ॥ (੮੯੯)

- ਪੀਵਹੁ ਅੰਮ੍ਰਿਤੁ ਸਦਾ ਰਹਹੁ ਹਰਿ ਰੰਗਿ ਜਪਿਹੁ ਸਾਰਿਗਪਾਣੀ॥ (੯੨੦)

- ਕਹੈ ਨਾਨਕੁ ਅੰਮ੍ਰਿਤ ਨਾਮੁ ਸੁਣਹੁ ਪਵਿਤ੍ਰ ਹੋਵਹੁ ਸਾਚੈ ਸੁਨਣੈ ਨੋ ਪਠਾਏ॥ (੯੨੨)

- ਮਨਿ ਤਨਿ ਸਾਸਿ ਗਿਰਾਸਿ ਪ੍ਰਭੁ ਇਕੋ ਇਕੁ ਧਿਆਇ॥
  ਅੰਮ੍ਰਿਤੁ ਨਾਮੁ ਨਿਧਾਨੁ ਸਚੁ ਗੁਰਮੁਖਿ ਪਾਇਆ ਜਾਇ॥ (੯੬੧)

- ਸੇਵਹੁ ਸਤਿਗੁਰ ਸਮੁੰਦੁ ਅਥਾਹਾ॥ ਪਾਵਹੁ ਨਾਮੁ ਰਤਨੁ ਧਨੁ ਲਾਹਾ॥ (੧੦੪੩)

- ਕਰ ਹਰਿਹਟ ਮਾਲ ਟਿੰਡ ਪਰੋਵਹੁ ਤਿਸੁ ਭੀਤਰਿ ਮਨੁ ਜੋਵਹੁ॥
  ਅੰਮ੍ਰਿਤੁ ਸਿੰਚਹੁ ਭਰਹੁ ਕਿਆਰੇ ਤਉ ਮਾਲੀ ਕੇ ਹੋਵਹੁ॥ (੧੧੭੧)

- ਜਿਹਵੇ ਅੰਮ੍ਰਿਤ ਗੁਣ ਹਰਿ ਗਾਉ॥ ਹਰਿ ਹਰਿ ਬੋਲਿ ਕਥਾ ਸੁਨਿ ਹਰਿ ਕੀ ਉਚਰਹੁ ਪ੍ਰਭ ਕੋ ਨਾਉ॥ (੧੨੧੯)

- ਹਰਿ ਹਰਿ ਅੰਮ੍ਰਿਤੁ ਨਾਮ ਰਸੁ ਹਰਿ ਅੰਮ੍ਰਿਤੁ ਹਰਿ ਉਰ ਧਾਰਿ॥
  ਵਿਚਿ ਸੰਗਤਿ ਹਰਿ ਪ੍ਰਭੁ ਵਰਤਦਾ ਬੁਝਹੁ ਸਬਦ ਵੀਚਾਰਿ॥ (੧੩੧੪)

(੧੧) ਅੰਮ੍ਰਿਤ ਬਿਨਾ ਸਭੋ ਕੁਛ ਬਿਖੁ ਰੂਪ

- ਹੋਰ ਵਿਡਾਣੀ ਚਾਕਰੀ ਧ੍ਰਿਗੁ ਜੀਵਣੁ ਧ੍ਰਿਗੁ ਵਾਸੁ॥ ਅੰਮ੍ਰਿਤੁ ਛੋਡਿ ਬਿਖੁ ਲਗੇ ਬਿਖੁ ਖਟਣਾ ਬਿਖੁ ਰਾਸਿ॥
  ਬਿਖੁ ਖਾਣਾ ਬਿਖੁ ਪੈਨਣਾ ਬਿਖੁ ਕੇ ਮੁਖਿ ਗਿਰਾਸ॥ ਐਥੈ ਦੁਖੋ ਦੁਖੁ ਕਮਾਵਣਾ ਮੁਇਆ ਨਰਕਿ ਨਿਵਾਸੁ॥ (੫੯੬)

- ਰਾਮ ਨਾਮ ਛਾਡਿ ਅੰਮ੍ਰਿਤ ਕਾਹੇ ਬਿਖੁ ਖਾਈ॥ (੬੯੨)

- ਅੰਤਰਿ ਵਸੈ ਨ ਬਾਹਰਿ ਜਾਇ॥ ਅੰਮ੍ਰਿਤੁ ਛੋਡਿ ਕਾਹੇ ਬਿਖੁ ਖਾਇ॥ (੭੨੮)

- ਰੇ ਮੂੜੇ ਆਨ ਕਾਹੇ ਕਤ ਜਾਈ॥ ਸੰਗਿ ਮਨੋਹਰੁ ਅੰਮ੍ਰਿਤੁ ਹੈ ਰੇ ਭੂਲਿ ਭੂਲਿ ਬਿਖੁ ਖਾਈ॥ (੧੨੧੩)

- ਗੁਰ ਪਰਸਾਦੀ ਅੰਮ੍ਰਿਤੁ ਨਹੀ ਪੀਆ ਤ੍ਰਿਸਨਾ ਭੂਖ ਨ ਜਾਈ॥
  ਮਨਮੁਖ ਮੂੜ੍ ਜਲਤ ਅਹੰਕਾਰੀ ਹਉਮੈ ਵਿਚਿ ਦੁਖੁ ਪਾਈ॥ (੧੨੬੫)